ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

ਚੰਡੀਗੜ੍ਹ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਤਹਿਸੀਲ ਪਟਿਆਲਾ, ਰਾਜਪੁਰਾ ਅਤੇ ਪੰਜਾਬੀ ਯੂਨੀਵਰਸਿਟੀ ਦੇ ਫੀਲਡ ਦੌਰਾਨ ਜਨਗਣਨਾ 2027 ਦੇ ਦੂਜੇ ਪੜਾਅ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 14 ਨਵੰਬਰ : ਜਨਗਣਨਾ 2027 ਦੇ ਦੂਜੇ ਪੜਾਅ (ਆਬਾਦੀ ਦੀ ਗਣਨਾ) ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ, ਚੰਡੀਗੜ੍ਹ ਸਥਿਤ ਡਾਇਰੈਕਟੋਰੇਟ ਆਫ਼ ਸੈਂਸਜ ਓਪਰੇਸ਼ਨ, ਪੰਜਾਬ ਦੇ ਮੁੱਖ ਦਫ਼ਤਰ ਤੋਂ ਆਏ ਅਧਿਕਾਰੀ ਸ਼੍ਰੀਮਤੀ ਰੇਨੂ, ਸਹਾਇਕ ਡਾਇਰੈਕਟਰ, ਸ਼੍ਰੀਮਤੀ ਪਿੰਕੀ ਰਾਵਤ, ਐਸ.ਆਈ. ਗ੍ਰੇਡ-II, ਸ਼੍ਰੀ ਅਮਨ ਕੁਮਾਰ ਬਲੀਹਾਰ, ਜਿਲ੍ਹਾ ਕੁਆਡੀਨੇਟਰ, ਪਟਿਆਲਾ ਅਤੇ ਸ਼੍ਰੀਮਤੀ ਜਸਵਿੰਦਰ ਕੌਰ, ਉਪ ਅਰਥ ਅਤੇ ਅੰਕੜਾ ਸਲਾਹਕਾਰ, ਪਟਿਆਲਾ ਵੱਲੋਂ ਅੱਜ ਖੁਦ ਸੈਂਸਜ ਚਾਰਜ ਦਫਤਰਾਂ ਦਾ ਦੌਰਾ ਕਰਕੇ ਜ਼ਮੀਨੀ ਪੱਧਰ 'ਤੇ ਪ੍ਰਸ਼ਾਸਨਿਕ ਅਤੇ ਡਿਜੀਟਲ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।

ਇਸ ਫੀਲਡ ਚੈਕਿੰਗ ਦੌਰਾਨ ਚੰਡੀਗੜ੍ਹ ਦੇ ਅਧਿਕਾਰੀ ਨੇ ਤਹਿਸੀਲ ਪਟਿਆਲਾ, ਤਹਿਸੀਲ ਰਾਜਪੁਰਾ ਅਤੇ ਨਗਰ ਕੌਂਸਲ ਰਾਜਪੁਰਾ ਵਿੱਚ ਜਾ ਕੇ ਮੌਕੇ 'ਤੇ ਡਿਜੀਟਲ ਮੈਪਿੰਗ, ਸਟਾਫ਼ ਦੀ ਸਿਖਲਾਈ ਦੀ ਸਥਿਤੀ ਦਾ ਜਾਇਜ਼ਾ ਲਿਆ ਗਿਆ। ਇਸ ਦੌਰੇ ਦੌਰਾਨ ਸੀਨੀਅਰ ਅਧਿਕਾਰੀਆਂ ਵੱਲੋਂ ਫੀਲਡ ਵਿੱਚ ਤਾਇਨਾਤ ਕੀਤੇ ਜਾਣੇ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਵੰਡੇ ਜਾ ਰਹੇ ਨਿਯੁਕਤੀ ਪੱਤਰਾਂ (Appointment Letters) ਨੂੰ ਚੈੱਕ ਕੀਤਾ ਗਿਆ। ਉਨ੍ਹਾਂ ਵੱਲੋਂ ਹਦਾਇਤ ਕੀਤੀ ਗਈ ਕਿ ਹਰੇਕ ਫੀਲਡ ਕਰਮਚਾਰੀ ਕੋਲ ਡਿਊਟੀ ਦੌਰਾਨ ਅਧਿਕਾਰਤ ਨਿਯੁਕਤੀ ਪੱਤਰ ਅਤੇ ਸ਼ਨਾਖਤੀ ਕਾਰਡ ਲਾਜ਼ਮੀ ਤੌਰ 'ਤੇ ਹੋਣਾ ਚਾਹੀਦਾ ਹੈ ਤਾਂ ਜੋ ਆਮ ਜਨਤਾ ਨੂੰ ਡੇਟਾ ਦਿੰਦੇ ਸਮੇਂ ਕੋਈ ਸ਼ੰਕਾ ਨਾ ਰਹੇ।

ਇਸ ਤੋਂ ਬਾਅਦ ਅਧਿਕਾਰੀਆਂ ਵੱਲੋਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਲਗਾਈ ਗਈ ਵਿਸ਼ੇਸ਼ ਸੈਂਸਜ ਸਟਾਲ (ਮਰਦਮਸ਼ੁਮਾਰੀ ਸਟਾਲ) ਦਾ ਦੌਰਾ ਕੀਤਾ ਗਿਆ। ਉਨ੍ਹਾਂ ਨੇ ਯੂਨੀਵਰਸਿਟੀ ਕੈਂਪਸ ਵਿੱਚ ਨੌਜਵਾਨਾਂ ਅਤੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਕੀਤੇ ਗਏ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਅਤੇ ਇਸ ਸਟਾਲ ਦੇ ਮਾਧਿਅਮ ਰਾਹੀਂ ਵੱਧ ਤੋਂ ਵੱਧ ਪ੍ਰਚਾਰ ਕਰਨ ਦੇ ਨਿਰਦੇਸ਼ ਦਿੱਤੇ।

ਡਾਇਰੈਕਟੋਰੇਟ ਦੇ ਨੁਮਾਇੰਦੇ ਨੇ ਜ਼ੋਰ ਦੇ ਕੇ ਕਿਹਾ ਕਿ ਕਿਉਂਕਿ ਇਹ 16ਵੀਂ ਰਾਸ਼ਟਰੀ ਮਰਦਮਸ਼ੁਮਾਰੀ ਪੂਰੀ ਤਰ੍ਹਾਂ ਡਿਜੀਟਲ ਹੈ, ਇਸ ਲਈ ਐਪਲੀਕੇਸ਼ਨਾਂ ਵਿੱਚ ਡੇਟਾ ਦੀ ਸ਼ੁੱਧਤਾ ਸਭ ਤੋਂ ਅਹਿਮ ਹੈ। ਉਨ੍ਹਾਂ ਨੇ ਪਟਿਆਲਾ ਅਤੇ ਰਾਜਪੁਰਾ ਦੇ ਤਹਿਸੀਲ, ਨਗਰ ਕੌਂਸਲ ਅਤੇ ਯੂਨੀਵਰਸਿਟੀ ਖੇਤਰਾਂ ਵਿੱਚ ਕੀਤੇ ਗਏ ਜ਼ਮੀਨੀ ਪ੍ਰਬੰਧਾਂ 'ਤੇ ਸੰਤੁਸ਼ਟੀ ਪ੍ਰਗਟਾਈ ਅਤੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਫੀਲਡ ਵਿੱਚ ਆਉਣ ਵਾਲੇ ਕਰਮਚਾਰੀਆਂ ਨੂੰ ਸਹੀ ਜਾਣਕਾਰੀ ਦੇ ਕੇ ਪੂਰਾ ਸਹਿਯੋਗ ਦੇਣ।

ਕਿਸੇ ਵੀ ਤਰ੍ਹਾਂ ਦੀ ਪੁੱਛਗਿੱਛ ਜਾਂ ਸਮੱਸਿਆ ਦੇ ਹੱਲ ਲਈ, ਨਾਗਰਿਕ ਅਧਿਕਾਰਤ, ਟੋਲ-ਫ੍ਰੀ ਰਾਸ਼ਟਰੀ ਹੈਲਪਲਾਈਨ ਨੰਬਰ 1855 'ਤੇ ਸੰਪਰਕ ਕਰ ਸਕਦੇ ਹਨ।

ਡਾ. ਰਾਜਿੰਦਰ ਸਿੰਘ ਨੇ ਪੀ.ਏ.ਯੂ. (PAU) ਵਿਖੇ ਵਧੀਕ ਨਿਰਦੇਸ਼ਕ, ਪਸਾਰ ਸਿੱਖਿਆ (Extension Education) ਵਜੋਂ ਅਹੁਦਾ ਸੰਭਾਲਿਆ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 14 ਨਵੰਬਰ : ਡਾ. ਰਾਜਿੰਦਰ ਸਿੰਘ ਨੇ 13 ਨਵੰਬਰ, 2026 ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਵਧੀਕ ਨਿਰਦੇਸ਼ਕ, ਪਸਾਰ ਸਿੱਖਿਆ (ADEE) ਵਜੋਂ ਅਹੁਦਾ ਸੰਭਾਲਿਆ। ਪੀ.ਏ.ਯੂ. ਦੇ ਹੀ ਸਾਬਕਾ ਵਿਦਿਆਰਥੀ ਰਹੇ ਡਾ. ਸਿੰਘ ਨੇ ਇਸੇ ਯੂਨੀਵਰਸਿਟੀ ਤੋਂ ਸਬਜ਼ੀ ਵਿਗਿਆਨ (Vegetable Science) ਵਿੱਚ ਐਮ.ਐਸ.ਸੀ. (1998) ਅਤੇ ਪੀ.ਐਚ.ਡੀ. (2001) ਦੀਆਂ ਡਿਗਰੀਆਂ ਪ੍ਰਾਪਤ ਕੀਤੀਆਂ ਹਨ। ਆਪਣੀ ਬੀ.ਐਸ.ਸੀ., ਐਮ.ਐਸ.ਸੀ. ਅਤੇ ਪੀ.ਐਚ.ਡੀ. ਦੀ ਪੜ੍ਹਾਈ ਦੌਰਾਨ ਮੈਰਿਟ ਸਕਾਲਰਸ਼ਿਪ ਪ੍ਰਾਪਤ ਕਰਨ ਵਾਲੇ ਡਾ. ਸਿੰਘ ਕੋਲ ਸਬਜ਼ੀਆਂ ਬਾਰੇ ਖੋਜ, ਅਧਿਆਪਨ, ਪਸਾਰ ਸੇਵਾਵਾਂ ਅਤੇ ਬੀਜ ਉਤਪਾਦਨ ਦੇ ਖੇਤਰ ਵਿੱਚ 23 ਸਾਲਾਂ ਤੋਂ ਵੱਧ ਦਾ ਤਜਰਬਾ ਹੈ। ਉਨ੍ਹਾਂ ਨੇ ਆਪਣੇ ਪੇਸ਼ੇਵਰ ਕਰੀਅਰ ਦੀ ਸ਼ੁਰੂਆਤ 24 ਦਸੰਬਰ, 2002 ਨੂੰ ਪੀ.ਏ.ਯੂ. ਅਧੀਨ ਗੁਰਦਾਸਪੁਰ ਵਿਖੇ 'ਫਾਰਮ ਐਡਵਾਈਜ਼ਰੀ ਸਰਵਿਸ ਸਕੀਮ' (ਖੇਤੀ ਸਲਾਹਕਾਰ ਸੇਵਾ ਯੋਜਨਾ) ਵਿੱਚ ਜ਼ਿਲ੍ਹਾ ਪਸਾਰ ਮਾਹਿਰ (ਸਬਜ਼ੀਆਂ) ਵਜੋਂ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਵਿਗਿਆਨੀ (ਸਬਜ਼ੀਆਂ ਦੇ ਬੀਜ), ਪ੍ਰਮੁੱਖ ਵਿਗਿਆਨੀ (ਸਬਜ਼ੀਆਂ ਦੇ ਬੀਜ), ਨਿਰਦੇਸ਼ਕ (ਬੀਜ) ਅਤੇ ਕੋਆਰਡੀਨੇਟਰ (ਬੀਜ ਅਤੇ ਬਿਜਾਈ ਸਮੱਗਰੀ) ਵਜੋਂ ਸੇਵਾਵਾਂ ਨਿਭਾਈਆਂ ਅਤੇ ਯੂਨੀਵਰਸਿਟੀ ਦੇ ਬੀਜ ਉਤਪਾਦਨ ਅਤੇ ਵੰਡ ਪ੍ਰੋਗਰਾਮਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।

ਉਨ੍ਹਾਂ ਦੇ ਪ੍ਰਮੁੱਖ ਯੋਗਦਾਨਾਂ ਵਿੱਚ ਮੇਥੀ, ਮੂਲੀ, ਤਰਬੂਜ ਅਤੇ ਬਰੋਕਲੀ ਦੀਆਂ ਚਾਰ ਨਵੀਆਂ ਕਿਸਮਾਂ ਵਿਕਸਤ ਕਰਨਾ, ਅਤੇ ਨਾਲ ਹੀ ਬੀਜਾਂ ਦੇ ਉਗਣ (germination), ਸੁਸਤ ਅਵਸਥਾ (dormancy), ਸਰੀਰਕ ਪਰਿਪੱਕਤਾ (physiological maturity) ਅਤੇ ਬੀਜ ਉਤਪਾਦਨ ਨਾਲ ਸਬੰਧਤ 17 ਉਤਪਾਦਨ ਤਕਨੀਕੀ ਸਿਫ਼ਾਰਸ਼ਾਂ ਤਿਆਰ ਕਰਨਾ ਸ਼ਾਮਲ ਹੈ।

ਬੀਜ ਪ੍ਰਬੰਧਨ ਵਿੱਚ ਆਪਣੇ ਕਾਰਜਕਾਲ ਦੌਰਾਨ, ਉਨ੍ਹਾਂ ਨੇ ਸਬਜ਼ੀਆਂ ਦੇ ਬੀਜ ਉਤਪਾਦਨ ਨੂੰ ਮਜ਼ਬੂਤ ਕਰਨ, ਮੌਸਮੀ ਸਬਜ਼ੀਆਂ ਦੀਆਂ ਕਿੱਟਾਂ ਦੇ ਵੱਡੇ ਪੱਧਰ 'ਤੇ ਉਤਪਾਦਨ ਅਤੇ ਵੰਡ ਦੀ ਸ਼ੁਰੂਆਤ ਕਰਨ, ਅਤੇ ਵਾਇਰਸ-ਮੁਕਤ ਆਲੂ ਅਤੇ ਹਲਦੀ ਦੀ ਬਿਜਾਈ ਸਮੱਗਰੀ ਦੇ ਉਤਪਾਦਨ ਨੂੰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਨੇ ਵੱਖ-ਵੱਖ ਫਸਲਾਂ ਦੇ ਬੀਜਾਂ ਦੀ ਸੁਵਿਧਾਜਨਕ ਸਪਲਾਈ ਲਈ 'ਸਿੰਗਲ-ਵਿੰਡੋ ਸਿਸਟਮ' (ਇੱਕੋ ਥਾਂ ਤੋਂ ਸਾਰੀਆਂ ਸਹੂਲਤਾਂ ਮਿਲਣ ਵਾਲੀ ਪ੍ਰਣਾਲੀ) ਸ਼ੁਰੂ ਕਰਨ ਵਿੱਚ ਵੀ ਯੋਗਦਾਨ ਪਾਇਆ।

ਡਾਇਰੈਕਟਰ (ਬੀਜ) ਦੇ ਤੌਰ 'ਤੇ, ਡਾ. ਸਿੰਘ ਨੇ ਉੱਤਰੀ ਭਾਰਤ ਦੇ ਬੀਜ ਉਤਪਾਦਕਾਂ ਨਾਲ ਰਣਨੀਤਕ ਸਹਿਯੋਗ ਰਾਹੀਂ ਪੀਏਯੂ ਕਣਕ ਦੀਆਂ ਕਿਸਮਾਂ ਪੀਬੀਡਬਲਯੂ 826 ਅਤੇ ਪੀਬੀਡਬਲਯੂ 872, ਅਤੇ ਝੋਨੇ ਦੀਆਂ ਕਿਸਮਾਂ ਪੀਆਰ 131 ਨੂੰ ਵਿਆਪਕ ਤੌਰ 'ਤੇ ਅਪਣਾਉਣ ਵਿੱਚ ਸਹਾਇਤਾ ਕੀਤੀ, ਜਿਸ ਨਾਲ ਕਿਸਾਨਾਂ ਨੂੰ ਉਨ੍ਹਾਂ ਦੀ ਸਮੇਂ ਸਿਰ ਗੁਣਾ ਅਤੇ ਉਪਲਬਧਤਾ ਯਕੀਨੀ ਬਣਾਈ ਗਈ। ਉਨ੍ਹਾਂ ਦੇ ਯਤਨਾਂ ਨੇ ਲਾਇਸੰਸਸ਼ੁਦਾ ਬੀਜ ਉਤਪਾਦਨ ਰਾਹੀਂ ਯੂਨੀਵਰਸਿਟੀ ਲਈ ਰਾਇਲਟੀ ਆਮਦਨ ਪੈਦਾ ਕਰਨ ਵਿੱਚ ਵੀ ਯੋਗਦਾਨ ਪਾਇਆ।

ਉਨ੍ਹਾਂ ਨੇ ਯੂਨੀਵਰਸਿਟੀ ਦੇ ਬੀਜ ਫਾਰਮਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਬੀਜ ਅਤੇ ਪੌਦੇ ਲਗਾਉਣ ਵਾਲੀ ਸਮੱਗਰੀ 'ਤੇ ਉਪ-ਮਿਸ਼ਨ ਦੇ ਤਹਿਤ 357.60 ਲੱਖ ਰੁਪਏ ਦਾ ਪ੍ਰੋਜੈਕਟ ਸਫਲਤਾਪੂਰਵਕ ਪ੍ਰਾਪਤ ਕੀਤਾ।

ਉਨ੍ਹਾਂ ਨੇ ਯੂਜੀਸੀ ਅਤੇ ਨਾਬਾਰਡ ਦੁਆਰਾ ਫੰਡ ਕੀਤੇ ਗਏ ਦੋ ਖੋਜ ਪ੍ਰੋਜੈਕਟਾਂ ਨੂੰ ਵੀ ਸੰਭਾਲਿਆ, ਇਸ ਤੋਂ ਇਲਾਵਾ ਰਾਸ਼ਟਰੀ ਬਾਗਬਾਨੀ ਮਿਸ਼ਨ (ਐਨਐਚਐਮ) ਦੁਆਰਾ ਸਮਰਥਤ ਸੱਤ ਸਪਾਂਸਰਡ ਪ੍ਰੋਜੈਕਟ। ਉਨ੍ਹਾਂ ਨੇ ਬੀਜ ਉਤਪਾਦਨ ਅਤੇ ਗੁਣਵੱਤਾ ਜਾਂਚ 'ਤੇ ਅਫਗਾਨ ਡੈਲੀਗੇਟਾਂ ਲਈ ਚਾਰ ਅੰਤਰਰਾਸ਼ਟਰੀ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਕੀਤਾ।

ਉਨ੍ਹਾਂ ਦੇ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ, ਉਨ੍ਹਾਂ ਨੂੰ ਬੀਜ ਉਤਪਾਦਨ ਵਿੱਚ ਉਨ੍ਹਾਂ ਦੇ ਸ਼ਾਨਦਾਰ ਕੰਮ ਲਈ 2024 ਵਿੱਚ ਮਾਰਚ ਕਿਸਾਨ ਮੇਲੇ ਦੌਰਾਨ ਪੀਏਯੂ ਤੋਂ ਪ੍ਰਸ਼ੰਸਾ ਸਰਟੀਫਿਕੇਟ ਪ੍ਰਾਪਤ ਹੋਇਆ।

ਡਾ. ਸਿੰਘ ਨੇ 12 ਐਮ.ਐਸ.ਸੀ. ਅਤੇ ਦੋ ਪੀਐਚ.ਡੀ. ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ਹੈ ਅਤੇ ਉਨ੍ਹਾਂ ਕੋਲ ਅੰਡਰਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਪੱਧਰ 'ਤੇ ਸਿੱਖਿਆ ਦਾ ਵਿਆਪਕ ਤਜਰਬਾ ਹੈ। ਉਨ੍ਹਾਂ ਦੇ ਅਕਾਦਮਿਕ ਯੋਗਦਾਨਾਂ ਵਿੱਚ 45 ਖੋਜ ਪ੍ਰਕਾਸ਼ਨ, 20 ਵਿਸਥਾਰ ਲੇਖ, 28 ਬੁਲੇਟਿਨ ਅਤੇ ਤਿੰਨ ਕਿਤਾਬਚੇ ਸ਼ਾਮਲ ਹਨ।

ਖੋਜ, ਬੀਜ ਉਤਪਾਦਨ ਅਤੇ ਕਿਸਾਨ-ਮੁਖੀ ਪਹਿਲਕਦਮੀਆਂ ਵਿੱਚ ਆਪਣੇ ਅਮੀਰ ਤਜ਼ਰਬੇ ਦੇ ਨਾਲ, ਡਾ. ਸਿੰਘ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਪੀਏਯੂ ਦੇ ਵਿਸਥਾਰ ਸਿੱਖਿਆ ਪ੍ਰੋਗਰਾਮਾਂ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਕਿਸਾਨ ਭਾਈਚਾਰੇ ਤੱਕ ਖੇਤੀਬਾੜੀ ਤਕਨਾਲੋਜੀਆਂ ਦੀ ਪਹੁੰਚ ਨੂੰ ਵਧਾਉਣਗੇ।

ਦਸ਼ਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀ ਨੌਂ ਵਿਖੇ ਬਾਲ ਦਿਵਸ ਧੂਮਧਾਮ ਨਾਲ ਮਨਾਇਆ ਗਿਆ

ਬੱਚਿਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਬਾਲ ਦਿਵਸ ਮੌਕੇ ਖੇਡਾਂ ਦਾ ਆਯੋਜਨ : ਬਲਜੀਤ ਸਿੰਘ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 14 ਨਵੰਬਰ : ਦਸ਼ਮੇਸ਼ ਗਲੋਰੀਅਸ ਪਬਲਿਕ ਸਕੂਲ ਵਿਖੇ ਬਾਲ ਦਿਵਸ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਬੱਚਿਆ ਵੱਲੋਂ ਵੱਖ-ਵੱਖ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਸਕੂਲ ਦੀ ਮੁੱਖ ਅਧਿਆਪਕਾ ਸ਼੍ਰੀਮਤੀ ਰੁਬੀਨਾ ਧੀਰ ਨੇ ਬੱਚਿਆਂ ਨੂੰ ਬਾਲ ਦਿਵਸ ਦੀ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਸੰਦੇਸ਼ ਦਿੱਤਾ ਕਿ ਆਪਣੇ ਮਾਪਿਆਂ ਅਤੇ ਅਧਿਆਪਕਾਂ ਦਾ ਸਤਿਕਾਰ ਕਰਨ, ਉਨ੍ਹਾਂ ਦੇ ਆਗਿਆਕਾਰੀ ਬਨਣ ਅਤੇ ਉਨ੍ਹਾਂ ਵੱਲੋਂ ਦਿੱਤੀਆਂ ਚੰਗੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ। ਇਸ ਮੌਕੇ ਸੱਤਵੀਂ ਜਮਾਤ ਦੀ ਵਿਦਿਆਰਥਣ ਐਵਲੀਨ ਕੌਰ ਵੱਲੋਂ ਬਾਲ ਦਿਵਸ ਦੀ ਮਹੱਤਤਾ ਬਾਰੇ ਇੱਕ ਪ੍ਰਭਾਵਸ਼ਾਲੀ ਭਾਸ਼ਣ ਪੇਸ਼ ਕੀਤਾ ਗਿਆ। ਉਸ ਨੇ ਆਪਣੇ ਭਾਸ਼ਣ ਰਾਹੀਂ ਬੱਚਿਆਂ ਨੂੰ ਮਾਪਿਆਂ ਦਾ ਸਤਿਕਾਰ ਕਰਨ, ਉਨ੍ਹਾਂ ਦੇ ਆਗਿਆਕਾਰੀ ਬਨਣ ਅਤੇ ਚੰਗੇ ਸੰਸਕਾਰ ਅਪਣਾਉਣ ਦਾ ਸੰਦੇਸ਼ ਦਿੱਤਾ। ਪੜ੍ਹਾਈ ਦੇ ਨਾਲ-ਨਾਲ ਸਕੂਲ ਵੱਲੋਂ ਬਾਲ ਦਿਵਸ ਦੇ ਮੌਕੇ ਤੇ ਬੱਚਿਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਨੂੰ ਬਾਲ ਦਿਵਸ ਮੌਕੇ ਖੇਡਾਂ ਦਾ ਆਯੋਜਨ ਕੀਤਾ। ਸਕੂਲ ਵਿੱਚ ਚਾਰ ਹਾਊਸਾਂ ਦੇ ਵਿਚਕਾਰ ਵੱਖ -ਵੱਖ ਖੇਡਾਂ ਕਰਵਾਈਆਂ ਗਈਆਂ ਜਿਨ੍ਹਾਂ ਵਿੱਚ ਸਾਰੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ, ਡਾਇਰੈਕਟਰ/ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ ਨੇ ਦੱਸਿਆ ਕਿ ਸਪੂਨ ਰੇਸ ਵਿਚ ਯੂ.ਕੇ.ਜੀ. ਜਮਾਤ ਦੀ ਨਵਜੋਤ ਕੌਰ ਨੇ ਪਹਿਲਾ ਸਥਾਨ, ਫਰੌਗ ਰੇਸ ਵਿਚ ਹਰਕੀਰਤ ਕੌਰ ਨੇ ਪਹਿਲਾ ਸਥਾਨ, ਲੌਂਗ ਜੰਪ ਵਿਚ ਅਭਿਜੋਤ ਸਿੰਘ ਨੇ ਪਹਿਲਾ ਸਥਾਨ, ਰਿੰਗ ਗੇਮ ਇੰਦਰਜੀਤ ਸਿੰਘ ਨੇ ਪਹਿਲਾ ਸਥਾਨ, ਸੈਕ ਰੇਸ: ਐਵਲੀਨ ਕੌਰ ਨੇ ਪਹਿਲਾ, ਸਿੰਪਲ ਰੇਸ: ਆਰਵਜੀਤ ਸਿੰਘ ਨੇ ਪਹਿਲਾ ਸਥਾਨ, ਹਰਡਲ ਰੇਸ ਹਰਸੀਰਤ ਕੌਰ ਨੇ ਪਹਿਲਾ ਸਥਾਨ, ਰਿਲੇਅ ਰੇਸ: ਫਰਮਾਨ ਸਿੰਘ ਨੇ ਪਹਿਲਾ ਸਥਾਨ ਅਤੇ ਤਿੰਨ ਟੰਗੀ ਦੌੜ ਵਿਚ ਜਗਮੀਤ ਅਤੇ ਅਵਨੀਤ ਕੌਰ ਨੇ ਪਹਿਲਾ ਸਥਾਨ ਹਾਸਿਲ ਕੀਤਾ। ਅੰਤ ਵਿੱਚ ਜੇਤੂ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ ਅਤੇ ਉਨ੍ਹਾਂ ਨੂੰ ਵਧਾਈ ਦੇ ਨਾਲ ਨਾਲ ਗਿਫ਼ਟ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ, ਡਾਇਰੈਕਟਰ/ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ ਅਤੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਰੁਬੀਨਾ ਧੀਰ ਨੇ ਬੱਚਿਆਂ ਨੂੰ ਬਾਲ ਦਿਵਸ ਦੀ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਅੱਗੇ ਤੋਂ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਡਾ. ਤੇਜਿੰਦਰ ਸਿੰਘ ਰਿਆੜ ਪੀ.ਏ.ਯੂ. ਦੇ ਨਿਰਦੇਸ਼ਕ ਵਿਦਿਆਰਥੀ ਭਲਾਈ ਨਿਯੁਕਤ ਹੋਏ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 14 ਨਵੰਬਰ : ਪ੍ਰਸਿੱਧ ਪਸਾਰ ਮਾਹਿਰ ਅਤੇ ਪੀ.ਏ.ਯੂ. ਦੇ ਸੰਚਾਰ ਕੇਂਦਰ ਵਿੱਚ ਅਪਰ ਨਿਰਦੇਸ਼ਕ ਵਜੋਂ ਸੇਵਾ ਨਿਭਾਅ ਰਹੇ ਡਾ. ਤੇਜਿੰਦਰ ਸਿੰਘ ਰਿਆੜ ਨੇ ਅੱਜ ਪੀ.ਏ.ਯੂ. ਦੇ ਨਿਰਦੇਸ਼ਕ ਵਿਦਿਆਰਥੀ ਭਲਾਈ ਵਜੋਂ ਅਹੁਦਾ ਸੰਭਾਲ ਲਿਆ | ਉਹਨਾਂ ਦੀ ਨਿਯੁਕਤੀ ਨੂੰ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਹਰਵਿੰਦਰ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਵਿੱਚ ਹੋਈ ਪ੍ਰਬੰਧਕੀ ਬੋਰਡ ਦੀ ਮੀਟਿੰਗ ਵਿੱਚ ਪ੍ਰਵਾਨਗੀ ਦਿੱਤੀ ਗਈ |

ਸੰਚਾਰ ਕੇਂਦਰ ਦੇ ਅਪਰ ਨਿਰਦੇਸ਼ਕ ਵਜੋਂ 6 ਸਾਲ ਤੋਂ ਵਧੇਰੇ ਵਕਫ਼ੇ ਦੌਰਾਨ ਪੀ.ਏ.ਯੂ. ਦੀਆਂ ਪਸਾਰ ਗਤੀਵਿਧੀਆਂ ਨੂੰ ਕਿਸਾਨਾਂ ਤੱਕ ਪਹੁੰਚਾਉਣ ਲਈ ਸਿਰਤੋੜ ਯਤਨ ਕਰਨ ਵਾਲੇ ਡਾ. ਤੇਜਿੰਦਰ ਸਿੰਘ ਰਿਆੜ ਇਸ ਤੋਂ ਪਹਿਲਾਂ ਸਕਿੱਲ ਡਿਵੈਲਪਮੈਂਟ ਦੇ ਸਹਿਯੋਗੀ ਨਿਰਦੇਸ਼ਕ ਵਜੋਂ ਕਾਰਜਸ਼ੀਲ ਸਨ | ਇਸਦੇ ਨਾਲ ਹੀ ਉਹਨਾਂ ਨੂੰ ਅਗਸਤ 2026 ਵਿਚ ਮਿਲਖ ਅਧਿਕਾਰੀ ਵੀ ਨਿਯੁਕਤ ਕੀਤਾ ਗਿਆ ਸੀ| ਸਕਿੱਲ ਡਿਵੈਲਪਮੈਂਟ ਰਾਹੀਂ ਖੇਤੀ ਕਾਰੋਬਾਰੀ ਮੁਹਾਰਤ ਨੂੰ ਪੰਜਾਬ ਵਿੱਚ ਹੀ ਨਹੀਂ ਉੱਤਰੀ ਭਾਰਤ ਵਿੱਚ ਕਿਸਾਨਾਂ ਤੱਕ ਪਸਾਰਨ ਲਈ ਡਾ. ਰਿਆੜ ਨੇ ਬੇਹੱਦ ਉੱਘਾ ਯੋਗਦਾਨ ਪਾਇਆ | ਡਾ. ਰਿਆੜ ਨੇ ਪੋਸਟ ਗ੍ਰੈਜੂਏਟ ਅਤੇ ਅੰਡਰ ਗ੍ਰੈਜੁਏਟ ਕੋਰਸਾਂ ਦੇ ਅਧਿਆਪਨ ਤੋਂ ਬਿਨਾਂ ਪਸਾਰ ਸਿਖਲਾਈ, ਪਸਾਰ ਪ੍ਰਸ਼ਾਸਨ, ਸੰਚਾਰ ਪ੍ਰਕਿਰਿਆ ਅਤੇ ਪਸਾਰ ਸਿੱਖਿਆ ਦਾ ਫਲਸਫਾ ਪੜ੍ਹਾਇਆ ਹੈ | ਉਹਨਾਂ ਨੇ 40 ਖੋਜ ਪੇਪਰ, 18 ਕਿਤਾਬਾਂ, 42 ਬੁਲਿਟਨ ਅਤੇ 150 ਪਸਾਰ ਲੇਖ ਲਿਖੇ |

ਉਹਨਾਂ ਦੀ ਖੋਜ ਇੱਕ ਸਮੂਹ ਵਿੱਚ ਕਿਸਾਨਾਂ, ਸੰਸਥਾਵਾਂ ਦੀ ਕਾਰਜਸ਼ੀਲਤਾ ਵਧਾ ਕੇ ਸਿਖਲਾਈ ਪ੍ਰੋਗਰਾਮ ਆਯੋਜਿਤ ਕਰਨ ਵੱਲ ਸੇਧਤ ਰਹੀ ਹੈ | ਟੀ ਵੀ, ਰੇਡਿਓ ਉੱਪਰ ਖੇਤੀ ਪ੍ਰੋਗਰਾਮਾਂ ਵਿੱਚ ਕਿਸਾਨਾਂ ਨੂੰ ਲਾਹੇਵੰਦ ਜਾਣਕਾਰੀ ਨਾਲ ਜੋੜਨਾ ਡਾ. ਰਿਆੜ ਦੀ ਮੁਹਾਰਤ ਦਾ ਵਿਸ਼ੇਸ਼ ਖੇਤਰ ਰਿਹਾ ਹੈ | ਉਹਨਾਂ ਨੇ 1700 ਤੋਂ ਵਧੇਰੇ ਟੀ ਵੀ, ਰੇਡੀਓ ਵਾਰਤਾਲਾਪ ਕਰਵਾਏ |

1200 ਤੋਂ ਵਧੇਰੇ ਸਿਖਲਾਈ ਪ੍ਰੋਗਰਾਮ ਆਯੋਜਿਤ ਕਰਕੇ ਡਾ. ਰਿਆੜ ਨੇ ਕਿਸਾਨਾਂ, ਕਿਸਾਨ ਬੀਬੀਆਂ, ਪੇਂਡੂ ਨੌਜਵਾਨਾਂ, ਪਸਾਰ ਅਧਿਕਾਰੀਆਂ ਅਤੇ ਖੇਤੀ ਮਾਹਿਰਾਂ ਨੂੰ ਨਵੀਆਂ ਖੇਤੀ ਤਕਨੀਕਾਂ ਨਾਲ ਜੋੜਿਆ ਹੈ | ਉਹ ਕਈ ਕਿਸਾਨ ਸੰਗਠਨਾਂ ਜਿਵੇਂ ਪੀ.ਏ.ਯੂ. ਕਿਸਾਨ ਕਲੱਬ, ਸ਼ਹਿਦ ਮੱਖੀ ਪਾਲਣ ਐਸੋਸੀਏਸ਼ਨ, ਪੀ.ਏ.ਯੂ. ਬੀਜ ਅਤੇ ਨਰਸਰੀ ਉਤਪਾਦਕ ਕਲੱਬ, ਪੀ.ਏ.ਯੂ. ਰੁੱਖ ਪਾਲਕ ਐਸੋਸੀਏਸ਼ਨ, ਪੀ.ਏ.ਯੂ. ਫੁੱਲ ਉਤਪਾਦਕ ਕਲੱਬ, ਪੀ.ਏ.ਯੂ. ਸੋਇਆਬੀਨ ਉਤਪਾਦਕ ਕਲੱਬ, ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਐਸੋਸੀਏਸ਼ਨ ਅਤੇ ਪੀ.ਏ.ਯੂ ਆਰਗੈਨਿਕ ਫਾਰਮਿੰਗ ਕਲੱਬ ਨਾਲ ਜੁੜ ਕੇ ਉਹਨਾਂ ਦੇ ਸੁਚਾਰੂ ਕੰਮ ਕਾਜ ਨੂੰ ਸੰਚਾਲਿਤ ਕਰਦੇ ਰਹੇ ਹਨ | ਇਸ ਤੋਂ ਇਲਾਵਾ ਉਹ ਕੈਰੋਂ ਕਿਸਾਨ ਘਰ ਦੇ ਇੰਚਾਰਜ ਵੀ ਹਨ |

ਇਹ ਵੀ ਜ਼ਿਕਰਯੋਗ ਹੈ ਕਿ ਡਾ. ਰਿਆੜ ਰਾਸ਼ਟਰੀ ਪੱਧਰ ਦੇ ਬਾਸਕਟਬਾਲ ਖਿਡਾਰੀ ਅਤੇ ਪੀ.ਏ.ਯੂ. ਦੇ ਯੂਨੀਵਰਸਿਟੀ ਕਲਰ ਹੋਲਡਰ ਰਹੇ ਹਨ| ਇਸ ਮੁਹਾਰਤ ਦਾ ਲਾਭ ਨਿਸ਼ਚਤ ਤੌਰ ਤੇ ਪੀ.ਏ.ਯੂ. ਦੀਆਂ ਖੇਡਾਂ ਦੇ ਖੇਤਰ ਵਿਚ ਉਭਰਦੇ ਖਿਡਾਰੀਆਂ ਨੂੰ ਮਿਲੇਗਾ|

ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਹਰਵਿੰਦਰ ਸਿੰਘ ਧਾਲੀਵਾਲ ਨੇ ਉਹਨਾਂ ਦੀ ਨਿਯੁਕਤੀ ਉੱਪਰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਡਾ. ਰਿਆੜ ਦੀ ਰਹਿਨੁਮਾਈ ਹੇਠ ਡਾਇਰੈਕਟੋਰੇਟ ਵਿਦਿਆਰਥੀ ਭਲਾਈ ਪੀ.ਏ.ਯੂ. ਵਿਚ ਵਿਦਿਆਰਥੀਆਂ ਲਈ ਉਸਾਰੂ ਮਾਹੌਲ ਸਿਰਜਣ ਦੇ ਨਾਲ-ਨਾਲ ਖੇਡਾਂ ਅਤੇ ਸਹਿਗਤੀਵਿਧੀਆਂ ਦੇ ਖੇਤਰ ਵਿੱਚ ਹੋਰ ਬੁਲੰਦੀਆਂ ਛੂਹੇਗਾ| ਡਾ. ਰਿਆੜ ਨੇ ਇਸ ਜ਼ਿੰਮੇਵਾਰੀ ਲਈ ਉਹਨਾਂ ਉੱਪਰ ਵਿਸ਼ਵਾਸ਼ ਪ੍ਰਗਟ ਕਰਨ ਲਈ ਧੰਨਵਾਦ ਕਰਦਿਆਂ ਯਕੀਨ ਦੁਆਇਆ ਕਿ ਉਹ ਵਿਦਿਅਰਥੀਆਂ ਦੀ ਭਲਾਈ ਲਈ ਨਿਰੰਤਰ ਗਤੀਸ਼ੀਲ ਰਹਿਣਗੇ ਅਤੇ ਉਹਨਾਂ ਦੀ ਕੋਸ਼ਿਸ਼ ਹੋਵੇਗੀ ਕਿ ਪੀ.ਏ.ਯੂ. ਆਪਣੀਆਂ ਉਸਾਰੂ ਰਹੁਰੀਤਾਂ ਨੂੰ ਹੋਰ ਪੱਕਿਆਂ ਕਰੇ| ਉਹਨਾਂ ਕਿਹਾ ਕਿ ਉਹਨਾਂ ਦੀ ਪਹਿਲ ਵਿਦਿਆਰਥੀਆਂ ਲਈ ਹੋਸਟਲਾਂ ਅਤੇ ਯੂਨੀਵਰਸਿਟੀ ਵਿਚ ਘਰ ਵਰਗਾ ਮਾਹੌਲ ਸਿਰਜਣ ਦੀ ਰਹੇਗੀ|

ਬਾਲ ਦਿਵਸ



ਬੱਚੇ ਸਿਰਫ਼ ਕੱਲ੍ਹ ਨਹੀਂ ਹੁੰਦੇ,
ਅੱਜ ਦੀ ਵੀ ਪਹਿਚਾਣ ਨੇ ਬੱਚੇ।
ਰੱਬ ਦੀਆਂ ਸੋਹਣੀਆਂ ਸੌਗਾਤਾਂ,
ਧਰਤੀ ਦੀ ਮੁਸਕਾਨ ਨੇ ਬੱਚੇ।

ਨਿੱਕੇ-ਨਿੱਕੇ ਸੁਪਨੇ ਲੈ ਕੇ,
ਅੱਖਾਂ ਵਿੱਚ ਅਸਮਾਨ ਵਸਾਉਂਦੇ।
ਕਾਗਜ਼ ਉੱਤੇ ਰੰਗ ਭਰਦਿਆਂ,
ਨਵੀਂ ਦੁਨੀਆ ਰੋਜ਼ ਬਣਾਉਂਦੇ।

ਕੋਈ ਬਨਣਾ ਚਾਹੇ ਵਿਗਿਆਨੀ,
ਕੋਈ ਅਧਿਆਪਕ, ਕੋਈ ਕਿਸਾਨ।
ਕਿਸੇ ਦੇ ਮਨ ਵਿੱਚ ਦੇਸ਼ ਵਸੇ,
ਕਿਸੇ ਦੇ ਦਿਲ ਵਿੱਚ ਹਿੰਦੁਸਤਾਨ।

ਨਾ ਇਨ੍ਹਾਂ ਨੂੰ ਕੰਧਾਂ ਦਿਓ,
ਨਾ ਸੁਪਨਿਆਂ ਨੂੰ ਬੰਨ੍ਹੋ ਤੁਸੀਂ।
ਖੁੱਲ੍ਹੇ ਅੰਬਰ ਵਿੱਚ ਉੱਡਣ ਦਿਓ,
ਇਨ੍ਹਾਂ ਦੇ ਰਾਹ ਨਾ ਰੋਕੋ ਤੁਸੀਂ।

ਵਰਲਡ ਪੰਜਾਬੀ ਟਾਈਮਜ਼ ਸੰਦੀਪ ਦਿਉੜਾ

ਸ਼ਹੀਦ ਕਰਤਾਰ ਸਿੰਘ ਸਰਾਭਾ – ਸੰਘਰਸ਼, ਵਿਚਾਰਧਾਰਾ ਅਤੇ ਅੱਜ ਦੀ ਨੌਜਵਾਨ ਪੀੜ੍ਹੀ ਲਈ ਸਿੱਖਿਆ

ਵਰਲਡ ਪੰਜਾਬੀ ਟਾਈਮਜ਼
ਸੰਦੀਪ ਦਿਉੜਾ





ਸ਼ਹੀਦ ਕਰਤਾਰ ਸਿੰਘ ਸਰਾਭਾ ਅਜਿਹੀ ਸ਼ਖ਼ਸੀਅਤ ਸੀ ਜਿਸ ਦੀ ਉਮਰ ਭਾਵੇਂ ਛੋਟੀ ਸੀ ਪਰ ਸੋਚ, ਹਿੰਮਤ, ਦੇਸ਼-ਪ੍ਰੇਮ ਅਤੇ ਕੁਰਬਾਨੀ ਬਹੁਤ ਵੱਡੀ ਹੈ।

ਕਿਸੇ ਵੀ ਕੌਮ ਦਾ ਇਤਿਹਾਸ ਸਿਰਫ਼ ਰਾਜਿਆਂ, ਮਹਾਰਾਜਿਆਂ, ਜੰਗਾਂ ਅਤੇ ਰਾਜਨੀਤਿਕ ਤਬਦੀਲੀਆਂ ਨਾਲ ਨਹੀਂ ਬਣਦਾ,ਸਗੋਂ ਉਸ ਕੌਮ ਦੇ ਉਨ੍ਹਾਂ ਨੌਜਵਾਨਾਂ ਦੀ ਸੋਚ, ਸੰਘਰਸ਼ ਅਤੇ ਕੁਰਬਾਨੀਆਂ ਨਾਲ ਬਣਦਾ ਹੈ, ਜਿਹੜੇ ਆਪਣੇ ਸਮੇਂ ਦੀਆਂ ਚੁਣੌਤੀਆਂ ਨੂੰ ਸਮਝਦੇ ਹਨ ਅਤੇ ਸਮਾਜ ਨੂੰ ਬਿਹਤਰ ਬਣਾਉਣ ਲਈ ਆਪਣਾ ਯੋਗਦਾਨ ਪਾਉਂਦੇ ਹਨ। ਇਤਿਹਾਸ ਵਿੱਚ ਕੁਝ ਅਜਿਹੇ ਮਨੁੱਖ ਹੁੰਦੇ ਹਨ, ਜਿਨ੍ਹਾਂ ਦੀ ਜ਼ਿੰਦਗੀ ਦਾ ਸਮਾਂ ਭਾਵੇਂ ਬਹੁਤ ਛੋਟਾ ਹੁੰਦਾ ਹੈ ਪਰ ਉਨ੍ਹਾਂ ਦੇ ਵਿਚਾਰਾਂ ਅਤੇ ਕੰਮਾਂ ਦਾ ਪ੍ਰਭਾਵ ਆਉਣ ਵਾਲੀਆਂ ਕਈ ਪੀੜ੍ਹੀਆਂ ਤੱਕ ਰਹਿੰਦਾ ਹੈ। ਸ਼ਹੀਦ ਕਰਤਾਰ ਸਿੰਘ ਸਰਾਭਾ ਅਜਿਹੀ ਹੀ ਇੱਕ ਮਹਾਨ ਸ਼ਖ਼ਸੀਅਤ ਹਨ।

ਜਦੋਂ ਅਸੀਂ ਕਰਤਾਰ ਸਿੰਘ ਸਰਾਭਾ ਦਾ ਨਾਂ ਲੈਂਦੇ ਹਾਂ ਤਾਂ ਸਾਡੇ ਮਨ ਵਿੱਚ ਇੱਕ ਅਜਿਹੇ ਨੌਜਵਾਨ ਦੀ ਤਸਵੀਰ ਉੱਭਰਦੀ ਹੈ, ਜਿਸ ਨੇ ਆਪਣੀ ਜ਼ਿੰਦਗੀ ਦੇ ਸਿਰਫ਼ ਉੱਨੀ ਸਾਲਾਂ ਵਿੱਚ ਉਹ ਇਤਿਹਾਸ ਸਿਰਜ ਦਿੱਤਾ, ਜਿਸ ਨੂੰ ਪੜ੍ਹ ਕੇ ਅੱਜ ਵੀ ਨੌਜਵਾਨਾਂ ਦੇ ਮਨਾਂ ਵਿੱਚ ਦੇਸ਼ ਅਤੇ ਸਮਾਜ ਪ੍ਰਤੀ ਕੁਝ ਕਰਨ ਦੀ ਭਾਵਨਾ ਪੈਦਾ ਹੁੰਦੀ ਹੈ।

ਉਨ੍ਹਾਂ ਦਾ ਜੀਵਨ ਸਾਨੂੰ ਇਹ ਸਮਝਾਉਂਦਾ ਹੈ ਕਿ ਮਨੁੱਖ ਦੀ ਮਹਾਨਤਾ ਉਸ ਦੀ ਉਮਰ, ਅਹੁਦੇ, ਦੌਲਤ ਜਾਂ ਸਮਾਜਿਕ ਰੁਤਬੇ ਨਾਲ ਨਹੀਂ ਮਾਪੀ ਜਾਂਦੀ। ਮਨੁੱਖ ਦੀ ਮਹਾਨਤਾ ਇਸ ਗੱਲ ਵਿੱਚ ਹੁੰਦੀ ਹੈ ਕਿ ਉਹ ਆਪਣੇ ਜੀਵਨ ਨੂੰ ਕਿੰਨੇ ਵੱਡੇ ਮਕਸਦ ਨਾਲ ਜੋੜਦਾ ਹੈ ਅਤੇ ਦੂਜਿਆਂ ਦੀ ਜ਼ਿੰਦਗੀ ਵਿੱਚ ਕਿੰਨਾ ਚੰਗਾ ਪ੍ਰਭਾਵ ਪੈਦਾ ਕਰਦਾ ਹੈ।

ਅੱਜ ਜਦੋਂ ਅਸੀਂ ਪੰਜਾਬ ਦੀ ਨੌਜਵਾਨ ਪੀੜ੍ਹੀ ਦੀ ਗੱਲ ਕਰਦੇ ਹਾਂ ਤਾਂ ਸਾਡੇ ਸਾਹਮਣੇ ਕਈ ਸਵਾਲ ਖੜ੍ਹੇ ਹੁੰਦੇ ਹਨ। ਕੀ ਸਾਡੀ ਜਵਾਨੀ ਆਪਣੇ ਇਤਿਹਾਸ ਤੋਂ ਜਾਣੂ ਹੈ? ਕੀ ਸਾਡੇ ਨੌਜਵਾਨਾਂ ਨੂੰ ਉਨ੍ਹਾਂ ਸ਼ਹੀਦਾਂ ਦੇ ਜੀਵਨ ਬਾਰੇ ਪਤਾ ਹੈ, ਜਿਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਅੱਜ ਅਸੀਂ ਆਜ਼ਾਦ ਦੇਸ਼ ਵਿੱਚ ਸਾਹ ਲੈ ਰਹੇ ਹਾਂ? ਕੀ ਸਾਡੇ ਨੌਜਵਾਨਾਂ ਨੂੰ ਇਹ ਪਤਾ ਹੈ ਕਿ ਆਜ਼ਾਦੀ ਦਾ ਅਸਲ ਅਰਥ ਸਿਰਫ਼ ਕਿਸੇ ਵਿਦੇਸ਼ੀ ਹਕੂਮਤ ਤੋਂ ਮੁਕਤ ਹੋਣਾ ਹੀ ਨਹੀਂ, ਸਗੋਂ ਵਿਚਾਰਾਂ, ਸਿੱਖਿਆ, ਬਰਾਬਰੀ, ਨਿਆਂ ਅਤੇ ਮਨੁੱਖੀ ਸਨਮਾਨ ਦੀ ਆਜ਼ਾਦੀ ਵੀ ਹੈ?

ਜਨਮ ਅਤੇ ਪਰਿਵਾਰਕ ਪਿਛੋਕੜ

ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ 24 ਮਈ 1896 ਨੂੰ ਪੰਜਾਬ ਦੇ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਸਰਾਭਾ ਵਿੱਚ ਹੋਇਆ। ਉਨ੍ਹਾਂ ਦੇ ਪਿਤਾ ਦਾ ਨਾਂ ਮੰਗਲ ਸਿੰਘ ਅਤੇ ਮਾਤਾ ਦਾ ਨਾਂ ਸਾਹਿਬ ਕੌਰ ਸੀ। ਬਚਪਨ ਵਿੱਚ ਹੀ ਪਿਤਾ ਦਾ ਸਾਇਆ ਉਨ੍ਹਾਂ ਦੇ ਸਿਰ ਤੋਂ ਉੱਠ ਗਿਆ। ਇਸ ਕਾਰਨ ਉਨ੍ਹਾਂ ਦੀ ਪਰਵਰਿਸ਼ ਵਿੱਚ ਪਰਿਵਾਰ ਦੇ ਹੋਰ ਮੈਂਬਰਾਂ ਦੀ ਅਹਿਮ ਭੂਮਿਕਾ ਰਹੀ।

ਉਨ੍ਹਾਂ ਦਾ ਜਨਮ ਅਜਿਹੇ ਸਮੇਂ ਹੋਇਆ ਜਦੋਂ ਪੰਜਾਬ ਸਮੇਤ ਪੂਰਾ ਭਾਰਤ ਅੰਗਰੇਜ਼ੀ ਹਕੂਮਤ ਦੇ ਅਧੀਨ ਸੀ। ਦੇਸ਼ ਦੇ ਲੋਕਾਂ ਨੂੰ ਰਾਜਨੀਤਿਕ ਆਜ਼ਾਦੀ ਪ੍ਰਾਪਤ ਨਹੀਂ ਸੀ। ਕਿਸਾਨ, ਮਜ਼ਦੂਰ ਅਤੇ ਆਮ ਲੋਕ ਕਈ ਤਰ੍ਹਾਂ ਦੀਆਂ ਆਰਥਿਕ ਅਤੇ ਸਮਾਜਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਸਨ।ਪੰਜਾਬ ਦੀ ਧਰਤੀ ਉੱਤੇ ਬਹਾਦਰੀ, ਮਿਹਨਤ, ਸੇਵਾ, ਕੁਰਬਾਨੀ ਅਤੇ ਸਾਂਝੀਵਾਲਤਾ ਦੀਆਂ ਪਰੰਪਰਾਵਾਂ ਪਹਿਲਾਂ ਤੋਂ ਮੌਜੂਦ ਸਨ। ਇਨ੍ਹਾਂ ਪਰੰਪਰਾਵਾਂ ਦਾ ਪ੍ਰਭਾਵ ਵੀ ਉਸ ਸਮੇਂ ਦੇ ਸਮਾਜਿਕ ਜੀਵਨ ਵਿੱਚ ਦੇਖਣ ਨੂੰ ਮਿਲਦਾ ਸੀ।

ਕਰਤਾਰ ਸਿੰਘ ਸਰਾਭਾ ਦਾ ਮੁੱਢਲਾ ਜੀਵਨ ਸਾਨੂੰ ਇਹ ਸਿੱਖਿਆ ਦਿੰਦਾ ਹੈ ਕਿ ਬੱਚਿਆਂ ਦੀ ਸ਼ਖ਼ਸੀਅਤ ਬਣਾਉਣ ਵਿੱਚ ਪਰਿਵਾਰ ਅਤੇ ਸਮਾਜ ਦੀ ਬਹੁਤ ਵੱਡੀ ਭੂਮਿਕਾ ਹੁੰਦੀ ਹੈ। ਬੱਚੇ ਆਪਣੇ ਆਲੇ-ਦੁਆਲੇ ਦੇ ਮਾਹੌਲ ਤੋਂ ਸਿੱਖਦੇ ਹਨ। ਉਹ ਆਪਣੇ ਵੱਡਿਆਂ ਦੇ ਵਿਹਾਰ, ਗੱਲਬਾਤ, ਸੰਸਕਾਰਾਂ ਅਤੇ ਜੀਵਨ ਜਿਊਣ ਦੇ ਢੰਗ ਤੋਂ ਪ੍ਰਭਾਵਿਤ ਹੁੰਦੇ ਹਨ।

ਅੱਜ ਸਾਡੇ ਪਰਿਵਾਰਾਂ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਸਿਰਫ਼ ਚੰਗੇ ਨੰਬਰ ਲੈਣ ਦੀ ਪ੍ਰੇਰਨਾ ਨਾ ਦੇਣ, ਸਗੋਂ ਉਨ੍ਹਾਂ ਨੂੰ ਚੰਗਾ ਇਨਸਾਨ ਬਣਨ ਦੀ ਸਿੱਖਿਆ ਵੀ ਦੇਣ।

ਬੱਚਿਆਂ ਨੂੰ ਸਿਖਾਇਆ ਜਾਣਾ ਚਾਹੀਦਾ ਹੈ ਕਿ ਵੱਡਿਆਂ ਦਾ ਸਤਿਕਾਰ ਕਰਨਾ, ਛੋਟਿਆਂ ਨਾਲ ਪਿਆਰ ਕਰਨਾ, ਲੋੜਵੰਦਾਂ ਦੀ ਮਦਦ ਕਰਨੀ, ਝੂਠ ਤੋਂ ਬਚਣਾ ਅਤੇ ਆਪਣੇ ਫਰਜ਼ਾਂ ਨੂੰ ਸਮਝਣਾ ਵੀ ਸਿੱਖਿਆ ਦਾ ਮਹੱਤਵਪੂਰਨ ਹਿੱਸਾ ਹੈ।

ਕਰਤਾਰ ਸਿੰਘ ਸਰਾਭਾ ਦੇ ਜੀਵਨ ਦਾ ਇੱਕ ਮਹੱਤਵਪੂਰਨ ਪੱਖ ਉਨ੍ਹਾਂ ਦੀ ਜਗਿਆਸਾ ਅਤੇ ਨਵੀਆਂ ਗੱਲਾਂ ਜਾਣਨ ਦੀ ਇੱਛਾ ਸੀ। ਉਹ ਸਿਰਫ਼ ਆਪਣੇ ਆਲੇ-ਦੁਆਲੇ ਦੀ ਦੁਨੀਆ ਤੱਕ ਸੀਮਤ ਨਹੀਂ ਰਹਿਣਾ ਚਾਹੁੰਦੇ ਸਨ। ਉਨ੍ਹਾਂ ਦੇ ਮਨ ਵਿੱਚ ਨਵੀਆਂ ਥਾਵਾਂ ਦੇਖਣ, ਗਿਆਨ ਪ੍ਰਾਪਤ ਕਰਨ ਅਤੇ ਦੁਨੀਆ ਨੂੰ ਸਮਝਣ ਦੀ ਇੱਛਾ ਸੀ।ਇੱਕ ਜਗਿਆਸੂ ਮਨੁੱਖ ਹੀ ਨਵੀਆਂ ਖੋਜਾਂ ਕਰ ਸਕਦਾ ਹੈ। ਜਿਹੜਾ ਨੌਜਵਾਨ ਸਵਾਲ ਪੁੱਛਦਾ ਹੈ, ਉਹੀ ਅੱਗੇ ਚੱਲ ਕੇ ਨਵੀਆਂ ਸੰਭਾਵਨਾਵਾਂ ਲੱਭਦਾ ਹੈ। ਜਿਹੜਾ ਵਿਅਕਤੀ ਆਪਣੇ ਆਲੇ-ਦੁਆਲੇ ਵਾਪਰ ਰਹੀਆਂ ਘਟਨਾਵਾਂ ਨੂੰ ਸਮਝਣ ਦੀ ਕੋਸ਼ਿਸ਼ ਕਰਦਾ ਹੈ, ਅੱਜ ਸਾਡੇ ਨੌਜਵਾਨਾਂ ਨੂੰ ਵੀ ਇਸ ਗੁਣ ਦੀ ਬਹੁਤ ਲੋੜ ਹੈ।ਅੱਜ ਗਿਆਨ ਪ੍ਰਾਪਤ ਕਰਨ ਦੇ ਸਾਧਨ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਹਨ। ਇੰਟਰਨੈੱਟ, ਡਿਜੀਟਲ ਲਾਇਬ੍ਰੇਰੀਆਂ, ਵਿਗਿਆਨਕ ਖੋਜਾਂ, ਵਿਦਿਅਕ ਸੰਸਥਾਵਾਂ ਅਤੇ ਤਕਨੀਕੀ ਸਾਧਨਾਂ ਨੇ ਗਿਆਨ ਦੀ ਦੁਨੀਆ ਨੂੰ ਬਹੁਤ ਵਿਸ਼ਾਲ ਬਣਾ ਦਿੱਤਾ ਹੈ।

ਪਰ ਸਵਾਲ ਇਹ ਹੈ ਕਿ ਅਸੀਂ ਇਨ੍ਹਾਂ ਸਾਧਨਾਂ ਦੀ ਵਰਤੋਂ ਕਿਵੇਂ ਕਰ ਰਹੇ ਹਾਂ?ਜੇਕਰ ਸਾਡਾ ਨੌਜਵਾਨ ਆਪਣਾ ਜ਼ਿਆਦਾਤਰ ਸਮਾਂ ਸਿਰਫ਼ ਬੇਮਕਸਦ ਵੀਡੀਓ ਦੇਖਣ, ਬਿਨਾਂ ਸੋਚੇ-ਸਮਝੇ ਸਮੱਗਰੀ ਸਾਂਝੀ ਕਰਨ ਅਤੇ ਸੋਸ਼ਲ ਮੀਡੀਆ ਉੱਤੇ ਦਿਖਾਵੇ ਵਿੱਚ ਬਿਤਾਉਂਦਾ ਹੈ ਤਾਂ ਉਹ ਆਪਣੀ ਸਮਰੱਥਾ ਦਾ ਪੂਰਾ ਲਾਭ ਨਹੀਂ ਲੈ ਸਕਦਾ।

ਕਰਤਾਰ ਸਿੰਘ ਸਰਾਭਾ ਉੱਚ ਸਿੱਖਿਆ ਪ੍ਰਾਪਤ ਕਰਨ ਦੇ ਉਦੇਸ਼ ਨਾਲ ਅਮਰੀਕਾ ਗਏ। ਵਿਦੇਸ਼ ਜਾਣ ਤੋਂ ਬਾਅਦ ਉਨ੍ਹਾਂ ਨੂੰ ਦੁਨੀਆ ਦੇ ਵੱਖ-ਵੱਖ ਸਮਾਜਾਂ ਅਤੇ ਉਨ੍ਹਾਂ ਦੇ ਰਾਜਨੀਤਿਕ ਤੇ ਆਰਥਿਕ ਹਾਲਾਤਾਂ ਨੂੰ ਨੇੜਿਓਂ ਦੇਖਣ ਦਾ ਮੌਕਾ ਮਿਲਿਆ।ਉਨ੍ਹਾਂ ਨੇ ਮਹਿਸੂਸ ਕੀਤਾ ਕਿ ਭਾਰਤੀ ਲੋਕ ਵਿਦੇਸ਼ਾਂ ਵਿੱਚ ਵੀ ਕਈ ਵਾਰ ਨਸਲੀ ਵਿਤਕਰੇ ਅਤੇ ਅਪਮਾਨ ਦਾ ਸਾਹਮਣਾ ਕਰਦੇ ਹਨ। ਇਸ ਦੇ ਪਿੱਛੇ ਭਾਰਤ ਦੀ ਗੁਲਾਮੀ ਅਤੇ ਉਸ ਸਮੇਂ ਦੀਆਂ ਸਾਮਰਾਜੀ ਨੀਤੀਆਂ ਦਾ ਵੀ ਪ੍ਰਭਾਵ ਸੀ।ਇਸ ਤਜਰਬੇ ਨੇ ਉਨ੍ਹਾਂ ਦੀ ਸੋਚ ਨੂੰ ਨਵੀਂ ਦਿਸ਼ਾ ਦਿੱਤੀ। ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਜਦੋਂ ਤੱਕ ਆਪਣਾ ਦੇਸ਼ ਆਜ਼ਾਦ ਨਹੀਂ ਹੁੰਦਾ, ਉਦੋਂ ਤੱਕ ਦੇਸ਼ ਦੇ ਲੋਕਾਂ ਨੂੰ ਬਰਾਬਰੀ ਅਤੇ ਸਨਮਾਨ ਪ੍ਰਾਪਤ ਕਰਨਾ ਮੁਸ਼ਕਲ ਰਹੇਗਾ।

ਇਸ ਘਟਨਾ ਤੋਂ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਇੱਕ ਬਹੁਤ ਮਹੱਤਵਪੂਰਨ ਸਿੱਖਿਆ ਮਿਲਦੀ ਹੈ ਕਿ ਵਿਦੇਸ਼ ਜਾਣਾ, ਉੱਚ ਸਿੱਖਿਆ ਪ੍ਰਾਪਤ ਕਰਨਾ ਜਾਂ ਵਿਦੇਸ਼ਾਂ ਵਿੱਚ ਕੰਮ ਕਰਨਾ ਕੋਈ ਗਲਤ ਗੱਲ ਨਹੀਂ। ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਜਾ ਕੇ ਗਿਆਨ, ਹੁਨਰ ਅਤੇ ਤਜਰਬਾ ਪ੍ਰਾਪਤ ਕਰਨਾ ਵੀ ਮਨੁੱਖੀ ਵਿਕਾਸ ਦਾ ਹਿੱਸਾ ਹੈ। ਪਰ ਆਪਣੇ ਦੇਸ਼ ਅਤੇ ਸਮਾਜ ਨਾਲ ਜੁੜੇ ਰਹਿਣਾ ਵੀ ਉਨਾ ਹੀ ਜ਼ਰੂਰੀ ਹੈ।

ਅੱਜ ਪੰਜਾਬ ਵਿੱਚ ਵਿਦੇਸ਼ ਜਾਣ ਦੀ ਇੱਛਾ ਬਹੁਤ ਵੱਧ ਗਈ ਹੈ। ਕਈ ਨੌਜਵਾਨ ਆਪਣੀ ਜ਼ਮੀਨ, ਘਰ ਅਤੇ ਪਰਿਵਾਰਕ ਜਾਇਦਾਦ ਵੇਚ ਕੇ ਵਿਦੇਸ਼ ਜਾਣ ਦੀ ਕੋਸ਼ਿਸ਼ ਕਰਦੇ ਹਨ। ਕੁਝ ਨੌਜਵਾਨ ਉੱਥੇ ਜਾ ਕੇ ਆਪਣੀ ਮਿਹਨਤ ਨਾਲ ਚੰਗਾ ਜੀਵਨ ਬਣਾਉਂਦੇ ਹਨ, ਜਦਕਿ ਕਈਆਂ ਨੂੰ ਭਾਸ਼ਾ, ਰੁਜ਼ਗਾਰ, ਰਹਿਣ-ਸਹਿਣ ਅਤੇ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਸਾਨੂੰ ਵਿਦੇਸ਼ ਜਾਣ ਵਾਲੇ ਨੌਜਵਾਨਾਂ ਨੂੰ ਨਿਰਾਸ਼ ਕਰਨ ਦੀ ਬਜਾਏ ਇਹ ਸਿੱਖਿਆ ਦੇਣੀ ਚਾਹੀਦੀ ਹੈ ਕਿ ਉਹ ਪੂਰੀ ਜਾਣਕਾਰੀ, ਸਹੀ ਯੋਜਨਾ ਅਤੇ ਆਪਣੇ ਹੁਨਰ ਦੇ ਆਧਾਰ ‘ਤੇ ਫੈਸਲੇ ਲੈਣ।ਉਹ ਜਿੱਥੇ ਵੀ ਰਹਿਣ, ਆਪਣੀ ਮਿਹਨਤ, ਇਮਾਨਦਾਰੀ ਅਤੇ ਚੰਗੇ ਵਿਹਾਰ ਨਾਲ ਆਪਣੇ ਦੇਸ਼ ਦਾ ਮਾਣ ਵਧਾਉਣ।ਮਨੁੱਖ ਨੂੰ ਆਪਣੇ ਨਿੱਜੀ ਸੁਪਨਿਆਂ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਵੀ ਨਿਭਾਉਣੀ ਚਾਹੀਦੀ

ਅਮਰੀਕਾ ਵਿੱਚ ਰਹਿੰਦੇ ਹੋਏ ਕਰਤਾਰ ਸਿੰਘ ਸਰਾਭਾ ਦਾ ਸੰਪਰਕ ਉਨ੍ਹਾਂ ਭਾਰਤੀਆਂ ਨਾਲ ਹੋਇਆ, ਜਿਹੜੇ ਆਪਣੇ ਦੇਸ਼ ਨੂੰ ਅੰਗਰੇਜ਼ੀ ਹਕੂਮਤ ਤੋਂ ਆਜ਼ਾਦ ਕਰਵਾਉਣਾ ਚਾਹੁੰਦੇ ਸਨ।ਇਸ ਸਮੇਂ ਵਿਦੇਸ਼ਾਂ ਵਿੱਚ ਰਹਿਣ ਵਾਲੇ ਭਾਰਤੀਆਂ ਵਿੱਚ ਦੇਸ਼ ਦੀ ਗੁਲਾਮੀ ਵਿਰੁੱਧ ਰੋਸ ਦੀ ਭਾਵਨਾ ਵਧ ਰਹੀ ਸੀ। ਕਈ ਲੋਕ ਇਹ ਮਹਿਸੂਸ ਕਰਦੇ ਸਨ ਕਿ ਜੇਕਰ ਭਾਰਤ ਨੂੰ ਆਜ਼ਾਦ ਕਰਵਾਉਣਾ ਹੈ ਤਾਂ ਦੇਸ਼ ਦੇ ਲੋਕਾਂ ਵਿੱਚ ਰਾਜਨੀਤਿਕ ਚੇਤਨਾ ਅਤੇ ਏਕਤਾ ਪੈਦਾ ਕਰਨੀ ਜ਼ਰੂਰੀ ਹੈ।

ਇਸੇ ਪਿਛੋਕੜ ਵਿੱਚ 1913 ਵਿੱਚ ਅਮਰੀਕਾ ਵਿੱਚ ਗ਼ਦਰ ਪਾਰਟੀ ਦੀ ਸਥਾਪਨਾ ਹੋਈ।

ਇਸ ਲਹਿਰ ਦੇ ਪ੍ਰਮੁੱਖ ਆਗੂਆਂ ਵਿੱਚ ਲਾਲਾ ਹਰਦਿਆਲ, ਸੋਹਣ ਸਿੰਘ ਭਕਨਾ ਅਤੇ ਹੋਰ ਕਈ ਇਨਕਲਾਬੀ ਸ਼ਾਮਲ ਸਨ।

ਕਰਤਾਰ ਸਿੰਘ ਸਰਾਭਾ ਵੀ ਇਸ ਲਹਿਰ ਨਾਲ ਡੂੰਘੇ ਤੌਰ ‘ਤੇ ਜੁੜ ਗਏ।

ਗ਼ਦਰ ਪਾਰਟੀ ਦਾ ਮੁੱਖ ਉਦੇਸ਼ ਭਾਰਤ ਨੂੰ ਅੰਗਰੇਜ਼ੀ ਹਕੂਮਤ ਤੋਂ ਆਜ਼ਾਦ ਕਰਵਾਉਣਾ ਸੀ।ਇਸ ਲਹਿਰ ਨਾਲ ਜੁੜੇ ਲੋਕਾਂ ਨੇ ਵਿਦੇਸ਼ਾਂ ਵਿੱਚ ਰਹਿੰਦੇ ਭਾਰਤੀਆਂ ਨੂੰ ਆਪਣੇ ਦੇਸ਼ ਦੀ ਹਾਲਤ ਬਾਰੇ ਜਾਗਰੂਕ ਕਰਨ ਦਾ ਕੰਮ ਕੀਤਾ। ਇਸ ਮਕਸਦ ਲਈ ਉਨ੍ਹਾਂ ਨੇ ਅਖ਼ਬਾਰ ਅਤੇ ਹੋਰ ਪ੍ਰਚਾਰ ਸਮੱਗਰੀ ਤਿਆਰ ਕੀਤੀ।

ਕਰਤਾਰ ਸਿੰਘ ਸਰਾਭਾ ਨੇ ਗ਼ਦਰ ਅਖ਼ਬਾਰ ਦੇ ਪ੍ਰਕਾਸ਼ਨ ਅਤੇ ਪ੍ਰਚਾਰ ਵਿੱਚ ਅਹਿਮ ਭੂਮਿਕਾ ਨਿਭਾਈ। ਉਹ ਲਿਖਣ, ਛਪਾਈ ਅਤੇ ਵਿਚਾਰਾਂ ਦੇ ਪ੍ਰਸਾਰ ਨਾਲ ਜੁੜੇ ਰਹੇ।ਇੱਥੇ ਸਾਨੂੰ ਇੱਕ ਬਹੁਤ ਵੱਡੀ ਸਿੱਖਿਆ ਮਿਲਦੀ ਹੈ ਕਿ ਸਮਾਜ ਵਿੱਚ ਤਬਦੀਲੀ ਲਿਆਉਣ ਲਈ ਸਿਰਫ਼ ਭਾਵਨਾਵਾਂ ਕਾਫ਼ੀ ਨਹੀਂ ਹੁੰਦੀਆਂ। ਇਸ ਲਈ ਵਿਚਾਰ, ਗਿਆਨ, ਸੰਚਾਰ ਅਤੇ ਸੰਗਠਿਤ ਸਮਾਜਿਕ ਯਤਨ ਵੀ ਜ਼ਰੂਰੀ ਹੁੰਦੇ ਹਨ।ਅੱਜ ਦੇ ਨੌਜਵਾਨਾਂ ਨੂੰ ਵੀ ਆਪਣੇ ਸਮਾਜ ਦੀਆਂ ਸਮੱਸਿਆਵਾਂ ਬਾਰੇ ਜਾਗਰੂਕ ਹੋਣਾ ਚਾਹੀਦਾ ਹੈ। ਉਨ੍ਹਾਂ ਨੂੰ ਸਹੀ ਜਾਣਕਾਰੀ ਪ੍ਰਾਪਤ ਕਰਨੀ ਚਾਹੀਦੀ ਹੈ ਅਤੇ ਸਮਾਜ ਵਿੱਚ ਸਕਾਰਾਤਮਕ ਸੋਚ ਫੈਲਾਉਣੀ ਚਾਹੀਦੀ ਹੈ।

ਅੱਜ ਦੇ ਸਮੇਂ ਵਿੱਚ ਵੀ ਲੇਖਕਾਂ, ਅਧਿਆਪਕਾਂ, ਪੱਤਰਕਾਰਾਂ, ਕਵੀਆਂ ਅਤੇ ਸਾਹਿਤਕਾਰਾਂ ਦੀ ਬਹੁਤ ਵੱਡੀ ਜ਼ਿੰਮੇਵਾਰੀ ਹੈ।ਉਨ੍ਹਾਂ ਨੂੰ ਸਮਾਜ ਵਿੱਚ ਸੱਚਾਈ, ਮਨੁੱਖਤਾ, ਵਿਗਿਆਨਕ ਸੋਚ, ਸਮਾਨਤਾ ਅਤੇ ਸਦਭਾਵਨਾ ਦੇ ਵਿਚਾਰ ਫੈਲਾਉਣੇ ਚਾਹੀਦੇ ਹਨ।

ਨੌਜਵਾਨਾਂ ਨੂੰ ਵੀ ਪੜ੍ਹਨ ਅਤੇ ਲਿਖਣ ਦੀ ਆਦਤ ਪਾਉਣੀ ਚਾਹੀਦੀ ਹੈ। ਆਪਣੇ ਵਿਚਾਰਾਂ ਨੂੰ ਤਰਕਸੰਗਤ ਢੰਗ ਨਾਲ ਪ੍ਰਗਟ ਕਰਨਾ ਸਿੱਖਣਾ ਚਾਹੀਦਾ ਹੈ।

ਸੋਸ਼ਲ ਮੀਡੀਆ ਉੱਤੇ ਕਿਸੇ ਵੀ ਗੱਲ ਨੂੰ ਬਿਨਾਂ ਜਾਂਚੇ ਸਾਂਝਾ ਕਰਨ ਦੀ ਬਜਾਏ ਸੱਚਾਈ ਦੀ ਪੜਤਾਲ ਕਰਨੀ ਚਾਹੀਦੀ ਹੈ।

1914 ਵਿੱਚ ਪਹਿਲੇ ਵਿਸ਼ਵ ਯੁੱਧ ਦੀ ਸ਼ੁਰੂਆਤ ਤੋਂ ਬਾਅਦ ਗ਼ਦਰ ਪਾਰਟੀ ਦੇ ਆਗੂਆਂ ਨੇ ਭਾਰਤ ਵਿੱਚ ਅੰਗਰੇਜ਼ੀ ਹਕੂਮਤ ਵਿਰੁੱਧ ਸੰਘਰਸ਼ ਨੂੰ ਤੇਜ਼ ਕਰਨ ਦਾ ਫੈਸਲਾ ਕੀਤਾ।

ਕਰਤਾਰ ਸਿੰਘ ਸਰਾਭਾ ਵੀ ਭਾਰਤ ਵਾਪਸ ਆਏ। ਉਨ੍ਹਾਂ ਦਾ ਮਕਸਦ ਦੇਸ਼ ਦੇ ਲੋਕਾਂ ਵਿੱਚ ਆਜ਼ਾਦੀ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਅਤੇ ਗ਼ਦਰ ਲਹਿਰ ਦੇ ਕੰਮ ਨੂੰ ਅੱਗੇ ਵਧਾਉਣਾ ਸੀ।ਉਨ੍ਹਾਂ ਨੇ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਜਾ ਕੇ ਲੋਕਾਂ ਨਾਲ ਸੰਪਰਕ ਬਣਾਇਆ। ਇਸ ਸਮੇਂ ਉਨ੍ਹਾਂ ਦੀ ਉਮਰ ਬਹੁਤ ਘੱਟ ਸੀ, ਪਰ ਉਨ੍ਹਾਂ ਦੇ ਵਿਚਾਰ ਅਤੇ ਕੰਮ ਕਰਨ ਦੀ ਲਗਨ ਬਹੁਤ ਪੱਕੀ ਸੀ।ਕਈ ਵਾਰ ਨੌਜਵਾਨ ਇਹ ਸੋਚਦੇ ਹਨ ਕਿ ਸਮਾਜ ਲਈ ਕੋਈ ਵੱਡਾ ਕੰਮ ਕਰਨ ਵਾਸਤੇ ਪਹਿਲਾਂ ਉਮਰ ਦਾ ਵੱਡਾ ਹੋਣਾ, ਅਹੁਦਾ ਮਿਲਣਾ ਜਾਂ ਬਹੁਤ ਜ਼ਿਆਦਾ ਪੈਸਾ ਹੋਣਾ ਜ਼ਰੂਰੀ ਹੈ। ਪਰ ਅਸਲ ਵਿੱਚ ਚੰਗੇ ਕੰਮ ਦੀ ਸ਼ੁਰੂਆਤ ਲਈ ਸਭ ਤੋਂ ਪਹਿਲਾਂ ਚੰਗੀ ਸੋਚ, ਦ੍ਰਿੜ੍ਹ ਇਰਾਦਾ ਅਤੇ ਮਿਹਨਤ ਦੀ ਲੋੜ ਹੁੰਦੀ ਹੈ।

ਇੱਕ ਵਿਦਿਆਰਥੀ ਆਪਣੇ ਸਕੂਲ ਵਿੱਚ ਸਫ਼ਾਈ ਅਤੇ ਅਨੁਸ਼ਾਸਨ ਲਈ ਕੰਮ ਕਰ ਸਕਦਾ ਹੈ। ਸਰਾਭਾ ਦੀ ਜ਼ਿੰਦਗੀ ਤੋਂ ਇਹੀ ਸਿੱਖਣਾ ਚਾਹੀਦਾ ਹੈ।ਮਨੁੱਖ ਨੂੰ ਆਪਣੀ ਸਮਰੱਥਾ ਅਨੁਸਾਰ ਸਮਾਜ ਲਈ ਕੁਝ ਨਾ ਕੁਝ ਜ਼ਰੂਰ ਕਰਨਾ ਚਾਹੀਦਾ ਹੈ।

ਗ਼ਦਰ ਲਹਿਰ ਨਾਲ ਜੁੜੇ ਇਨਕਲਾਬੀਆਂ ਦੀਆਂ ਸਰਗਰਮੀਆਂ ਕਾਰਨ ਅੰਗਰੇਜ਼ੀ ਹਕੂਮਤ ਨੇ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ।

ਕਰਤਾਰ ਸਿੰਘ ਸਰਾਭਾ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਉੱਤੇ ਲਾਹੌਰ ਸਾਜ਼ਿਸ਼ ਕੇਸ ਤਹਿਤ ਮੁਕੱਦਮਾ ਚਲਾਇਆ ਗਿਆ।

ਅਦਾਲਤੀ ਕਾਰਵਾਈ ਦੌਰਾਨ ਉਨ੍ਹਾਂ ਨੇ ਆਪਣੇ ਵਿਚਾਰਾਂ ਅਤੇ ਦੇਸ਼ ਦੀ ਆਜ਼ਾਦੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਸਪੱਸ਼ਟ ਕੀਤਾ।16 ਨਵੰਬਰ 1915 ਨੂੰ ਲਾਹੌਰ ਦੀ ਕੇਂਦਰੀ ਜੇਲ੍ਹ ਵਿੱਚ ਕਰਤਾਰ ਸਿੰਘ ਸਰਾਭਾ ਨੂੰ ਫਾਂਸੀ ਦੇ ਦਿੱਤੀ ਗਈ। ਉਸ ਸਮੇਂ ਉਨ੍ਹਾਂ ਦੀ ਉਮਰ ਸਿਰਫ਼ 19 ਸਾਲ ਸੀ।ਇਹ ਉਮਰ ਆਮ ਤੌਰ ‘ਤੇ ਸੁਪਨੇ ਦੇਖਣ, ਪੜ੍ਹਾਈ ਕਰਨ, ਖੇਡਣ ਅਤੇ ਜੀਵਨ ਦੇ ਨਵੇਂ ਰਾਹ ਚੁਣਨ ਦੀ ਹੁੰਦੀ ਹੈ। ਪਰ ਸਰਾਭਾ ਨੇ ਆਪਣੀ ਜ਼ਿੰਦਗੀ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਲਈ ਸਮਰਪਿਤ ਕਰ ਦਿੱਤੀ।

ਉਨ੍ਹਾਂ ਦੀ ਸ਼ਹਾਦਤ ਸਿਰਫ਼ ਇੱਕ ਇਤਿਹਾਸਕ ਘਟਨਾ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਇਨ੍ਹਾਂ ਦੀ ਸ਼ਹਾਦਤ ਸਿਰਫ਼ ਇੱਕ ਇਤਿਹਾਸਕ ਘਟਨਾ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਨੈਤਿਕ ਸਵਾਲ ਵੀ ਹੈ:

ਜਿਨ੍ਹਾਂ ਨੌਜਵਾਨਾਂ ਨੇ ਸਾਡੇ ਭਵਿੱਖ ਲਈ ਆਪਣਾ ਵਰਤਮਾਨ ਕੁਰਬਾਨ ਕਰ ਦਿੱਤਾ, ਕੀ ਅਸੀਂ ਉਨ੍ਹਾਂ ਦੇ ਸੁਪਨਿਆਂ ਦੇ ਦੇਸ਼ ਦੀ ਉਸਾਰੀ ਲਈ ਆਪਣਾ ਯੋਗਦਾਨ ਪਾ ਰਹੇ ਹਾਂ?

ਇਹ ਸਵਾਲ ਹਰ ਵਿਦਿਆਰਥੀ, ਹਰ ਅਧਿਆਪਕ, ਹਰ ਮਾਪੇ, ਹਰ ਸਮਾਜਿਕ ਆਗੂ ਅਤੇ ਹਰ ਨਾਗਰਿਕ ਨੂੰ ਆਪਣੇ ਆਪ ਤੋਂ ਪੁੱਛਣਾ ਚਾਹੀਦਾ ਹੈ।

ਅੱਜ ਦੀ ਨੌਜਵਾਨ ਪੀੜ੍ਹੀ ਲਈ ਕਰਤਾਰ ਸਿੰਘ ਸਰਾਭਾ ਦੇ ਜੀਵਨ ਦੀਆਂ ਸਿੱਖਿਆਵਾਂਦੇਸ਼-ਪ੍ਰੇਮਦੇਸ਼-ਪ੍ਰੇਮ ਸਿਰਫ਼ ਰਾਸ਼ਟਰੀ ਝੰਡਾ ਲਹਿਰਾਉਣ, ਰਾਸ਼ਟਰੀ ਗੀਤ ਗਾਉਣ ਜਾਂ ਸ਼ਹੀਦਾਂ ਦੇ ਦਿਹਾੜੇ ਮਨਾਉਣ ਤੱਕ ਸੀਮਤ ਨਹੀਂ ਹੋਣਾ ਚਾਹੀਦਾ। ਇਹ ਸਾਰੀਆਂ ਗੱਲਾਂ ਮਹੱਤਵਪੂਰਨ ਹਨ, ਪਰ ਦੇਸ਼-ਪ੍ਰੇਮ ਦਾ ਅਸਲ ਅਰਥ ਇਸ ਤੋਂ ਕਿਤੇ ਵੱਡਾ ਹੈ।

ਦੇਸ਼-ਪ੍ਰੇਮ ਦਾ ਅਰਥ ਹੈ ਕਿ ਅਸੀਂ ਆਪਣੇ ਦੇਸ਼ ਦੇ ਲੋਕਾਂ ਨੂੰ ਪਿਆਰ ਕਰੀਏ, ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਸਾਂਝੀਵਾਲ ਬਣੀਏ ਅਤੇ ਦੇਸ਼ ਦੀ ਤਰੱਕੀ ਲਈ ਆਪਣੀ ਸਮਰੱਥਾ ਅਨੁਸਾਰ ਕੰਮ ਕਰੀਏ।

ਜੇਕਰ ਕੋਈ ਨੌਜਵਾਨ ਇਮਾਨਦਾਰੀ ਨਾਲ ਪੜ੍ਹਾਈ ਕਰਦਾ ਹੈ, ਆਪਣੇ ਕੰਮ ਵਿੱਚ ਮਿਹਨਤ ਕਰਦਾ ਹੈ, ਭ੍ਰਿਸ਼ਟਾਚਾਰ ਤੋਂ ਦੂਰ ਰਹਿੰਦਾ ਹੈ ਅਤੇ ਦੂਜਿਆਂ ਦੇ ਹੱਕਾਂ ਦਾ ਸਤਿਕਾਰ ਕਰਦਾ ਹੈ ਤਾਂ ਉਹ ਵੀ ਦੇਸ਼ ਦੀ ਸੇਵਾ ਕਰ ਰਿਹਾ ਹੈ।

ਇੱਕ ਡਾਕਟਰ ਜਦੋਂ ਕਿਸੇ ਮਰੀਜ਼ ਦਾ ਇਮਾਨਦਾਰੀ ਨਾਲ ਇਲਾਜ ਕਰਦਾ ਹੈ ਤਾਂ ਉਹ ਦੇਸ਼ ਦੀ ਸੇਵਾ ਕਰਦਾ ਹੈ। ਇੱਕ ਅਧਿਆਪਕ ਜਦੋਂ ਬੱਚਿਆਂ ਨੂੰ ਚੰਗੀ ਸਿੱਖਿਆ ਦਿੰਦਾ ਹੈ ਤਾਂ ਉਹ ਦੇਸ਼ ਦਾ ਭਵਿੱਖ ਬਣਾਉਂਦਾ ਹੈ। ਇੱਕ ਕਿਸਾਨ ਜਦੋਂ ਮਿਹਨਤ ਨਾਲ ਅਨਾਜ ਪੈਦਾ ਕਰਦਾ ਹੈ ਤਾਂ ਉਹ ਦੇਸ਼ ਦੀ ਖੁਰਾਕ ਸੁਰੱਖਿਆ ਵਿੱਚ ਯੋਗਦਾਨ ਪਾਉਂਦਾ ਹੈ। ਇੱਕ ਸਿਪਾਹੀ ਜਦੋਂ ਸਰਹੱਦ ਉੱਤੇ ਦੇਸ਼ ਦੀ ਰੱਖਿਆ ਕਰਦਾ ਹੈ ਤਾਂ ਉਹ ਦੇਸ਼ ਦੀ ਸੇਵਾ ਕਰਦਾ ਹੈ।

ਇਸੇ ਤਰ੍ਹਾਂ ਇੱਕ ਆਮ ਨਾਗਰਿਕ ਜਦੋਂ ਆਪਣੇ ਫਰਜ਼ਾਂ ਨੂੰ ਇਮਾਨਦਾਰੀ ਨਾਲ ਨਿਭਾਉਂਦਾ ਹੈ ਤਾਂ ਉਹ ਵੀ ਦੇਸ਼ ਦੀ ਤਰੱਕੀ ਵਿੱਚ ਹਿੱਸੇਦਾਰ ਬਣਦਾ ਹੈ।ਕਰਤਾਰ ਸਿੰਘ ਸਰਾਭਾ ਦੀ ਜ਼ਿੰਦਗੀ ਤੋਂ ਸਾਨੂੰ ਇਹ ਸਿੱਖਣਾ ਚਾਹੀਦਾ ਹੈ ਕਿ ਦੇਸ਼ ਸਿਰਫ਼ ਭੂਗੋਲਿਕ ਹੱਦਾਂ ਦਾ ਨਾਂ ਨਹੀਂ, ਸਗੋਂ ਦੇਸ਼ ਉਸ ਵਿੱਚ ਰਹਿਣ ਵਾਲੇ ਲੋਕਾਂ, ਉਨ੍ਹਾਂ ਦੀਆਂ ਭਾਵਨਾਵਾਂ, ਉਨ੍ਹਾਂ ਦੇ ਸੁਪਨਿਆਂ ਅਤੇ ਉਨ੍ਹਾਂ ਦੇ ਸਾਂਝੇ ਭਵਿੱਖ ਦਾ ਨਾਂ ਹੈ।

ਅੱਜ ਦੇ ਸਮੇਂ ਵਿੱਚ ਸਿੱਖਿਆ ਦਾ ਮਹੱਤਵ ਬਹੁਤ ਵੱਧ ਗਿਆ ਹੈ। ਹਰ ਮਾਪਾਂ ਚਾਹੁੰਦਾ ਹੈ ਕਿ ਉਸ ਦਾ ਬੱਚਾ ਪੜ੍ਹ-ਲਿਖ ਕੇ ਚੰਗੀ ਨੌਕਰੀ ਪ੍ਰਾਪਤ ਕਰੇ ਅਤੇ ਜੀਵਨ ਵਿੱਚ ਸਫਲ ਹੋਵੇ। ਇਹ ਇੱਛਾ ਬਿਲਕੁਲ ਸੁਭਾਵਿਕ ਹੈ।

ਪਰ ਸਿੱਖਿਆ ਦਾ ਮਕਸਦ ਸਿਰਫ਼ ਨੌਕਰੀ ਪ੍ਰਾਪਤ ਕਰਨਾ ਨਹੀਂ ਹੋਣਾ ਚਾਹੀਦਾ।

ਸਿੱਖਿਆ ਮਨੁੱਖ ਨੂੰ ਸੋਚਣ, ਸਮਝਣ, ਫੈਸਲੇ ਲੈਣ ਅਤੇ ਸਹੀ-ਗਲਤ ਦੀ ਪਛਾਣ ਕਰਨ ਦੇ ਯੋਗ ਬਣਾਉਂਦੀ ਹੈ। ਇਹ ਮਨੁੱਖ ਨੂੰ ਆਪਣੇ ਅਧਿਕਾਰਾਂ ਅਤੇ ਫਰਜ਼ਾਂ ਬਾਰੇ ਜਾਣੂ ਕਰਦੀ ਹੈ।

ਇੱਕ ਪੜ੍ਹਿਆ-ਲਿਖਿਆ ਮਨੁੱਖ ਹੀ ਸਮਾਜ ਵਿੱਚ ਫੈਲੀਆਂ ਗਲਤ ਧਾਰਨਾਵਾਂ, ਅੰਧਵਿਸ਼ਵਾਸਾਂ ਅਤੇ ਸਮਾਜਿਕ ਬੁਰਾਈਆਂ ਨੂੰ ਤਰਕ ਦੇ ਆਧਾਰ ‘ਤੇ ਸਮਝ ਸਕਦਾ ਹੈ।

ਕਰਤਾਰ ਸਿੰਘ ਸਰਾਭਾ ਨੇ ਆਪਣੇ ਸਮੇਂ ਦੀਆਂ ਰਾਜਨੀਤਿਕ ਅਤੇ ਸਮਾਜਿਕ ਸਥਿਤੀਆਂ ਨੂੰ ਸਮਝਿਆ। ਉਨ੍ਹਾਂ ਨੇ ਆਪਣੇ ਗਿਆਨ ਅਤੇ ਵਿਚਾਰਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕੀਤੀ।

ਅੱਜ ਦੇ ਵਿਦਿਆਰਥੀਆਂ ਨੂੰ ਵੀ ਇਤਿਹਾਸ, ਸਾਹਿਤ, ਵਿਗਿਆਨ, ਤਕਨਾਲੋਜੀ ਅਤੇ ਸਮਾਜਿਕ ਵਿਸ਼ਿਆਂ ਬਾਰੇ ਜਾਣਕਾਰੀ ਪ੍ਰਾਪਤ ਕਰਨੀ ਚਾਹੀਦੀ ਹੈ।

ਸਕੂਲਾਂ ਅਤੇ ਕਾਲਜਾਂ ਵਿੱਚ ਸਿਰਫ਼ ਇਮਤਿਹਾਨਾਂ ਦੀ ਤਿਆਰੀ ਨਹੀਂ ਹੋਣੀ ਚਾਹੀਦੀ, ਸਗੋਂ ਬੱਚਿਆਂ ਵਿੱਚ ਨੈਤਿਕ ਸਿੱਖਿਆ, ਨਾਗਰਿਕ ਜ਼ਿੰਮੇਵਾਰੀ ਅਤੇ ਸਮਾਜਿਕ ਚੇਤਨਾ ਵੀ ਪੈਦਾ ਕੀਤੀ ਜਾਣੀ ਚਾਹੀਦੀ ਹੈ।

ਪੰਜਾਬ ਦੀ ਨੌਜਵਾਨ ਪੀੜ੍ਹੀ ਸਾਹਮਣੇ ਨਸ਼ਿਆਂ ਦੀ ਸਮੱਸਿਆ ਇੱਕ ਗੰਭੀਰ ਸਮਾਜਿਕ ਚੁਣੌਤੀ ਹੈ।

ਨਸ਼ੇ ਸਿਰਫ਼ ਇੱਕ ਵਿਅਕਤੀ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਨਹੀਂ ਕਰਦੇ, ਸਗੋਂ ਪੂਰੇ ਪਰਿਵਾਰ, ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ ਉੱਤੇ ਮਾੜਾ ਪ੍ਰਭਾਵ ਪਾਉਂਦੇ ਹਨ।

ਜਦੋਂ ਕੋਈ ਨੌਜਵਾਨ ਨਸ਼ਿਆਂ ਦੀ ਲਪੇਟ ਵਿੱਚ ਆ ਜਾਂਦਾ ਹੈ ਤਾਂ ਉਸ ਦੀ ਪੜ੍ਹਾਈ, ਰੁਜ਼ਗਾਰ, ਪਰਿਵਾਰਕ ਜੀਵਨ ਅਤੇ ਸਮਾਜਿਕ ਸੰਬੰਧ ਪ੍ਰਭਾਵਿਤ ਹੋ ਸਕਦੇ ਹਨ।

ਨਸ਼ਿਆਂ ਤੋਂ ਬਚਣ ਲਈ ਸਿਰਫ਼ ਭਾਸ਼ਣ ਦੇਣਾ ਕਾਫ਼ੀ ਨਹੀਂ ਹੈ। ਇਸ ਲਈ ਪਰਿਵਾਰ, ਸਕੂਲ, ਸਮਾਜ, ਸਰਕਾਰ ਅਤੇ ਨੌਜਵਾਨਾਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ।ਹਰ ਪਿੰਡ ਅਤੇ ਸ਼ਹਿਰ ਵਿੱਚ ਖੇਡ ਮੈਦਾਨ, ਲਾਇਬ੍ਰੇਰੀਆਂ, ਨੌਜਵਾਨ ਕਲੱਬ ਅਤੇ ਸੱਭਿਆਚਾਰਕ ਗਤੀਵਿਧੀਆਂ ਲਈ ਸਹੂਲਤਾਂ ਹੋਣੀਆਂ ਚਾਹੀਦੀਆਂ ਹਨ।

ਕਰਤਾਰ ਸਿੰਘ ਸਰਾਭਾ ਦੀ ਜ਼ਿੰਦਗੀ ਤੋਂ ਨੌਜਵਾਨਾਂ ਨੂੰ ਇਹ ਸਿੱਖਿਆ ਲੈਣੀ ਚਾਹੀਦੀ ਹੈ ਕਿ ਜਵਾਨੀ ਬਹੁਤ ਕੀਮਤੀ ਹੈ। ਇਸ ਨੂੰ ਸਿਹਤਮੰਦ, ਰਚਨਾਤਮਕ ਅਤੇ ਸਮਾਜ-ਉਪਯੋਗੀ ਕੰਮਾਂ ਵਿੱਚ ਲਗਾਉਣਾ ਚਾਹੀਦਾ ਹੈ।

ਕਿਸੇ ਵੀ ਖੇਤਰ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਮਿਹਨਤ ਅਤੇ ਅਨੁਸ਼ਾਸਨ ਬਹੁਤ ਜ਼ਰੂਰੀ ਹਨ।

ਅੱਜ ਬਹੁਤ ਸਾਰੇ ਨੌਜਵਾਨ ਜਲਦੀ ਸਫਲ ਹੋਣ ਦੇ ਸੁਪਨੇ ਦੇਖਦੇ ਹਨ। ਉਹ ਚਾਹੁੰਦੇ ਹਨ ਕਿ ਬਿਨਾਂ ਵੱਡੀ ਮਿਹਨਤ ਕੀਤੇ ਉਨ੍ਹਾਂ ਨੂੰ ਚੰਗੀ ਨੌਕਰੀ, ਪੈਸਾ, ਪ੍ਰਸਿੱਧੀ ਅਤੇ ਸਮਾਜਿਕ ਮਾਣ ਪ੍ਰਾਪਤ ਹੋ ਜਾਵੇ।

ਪਰ ਅਸਲ ਸਫਲਤਾ ਦਾ ਕੋਈ ਛੋਟਾ ਰਸਤਾ ਨਹੀਂ ਹੁੰਦਾ।

ਇੱਕ ਖਿਡਾਰੀ ਨੂੰ ਮੈਦਾਨ ਵਿੱਚ ਸਫਲ ਹੋਣ ਲਈ ਲਗਾਤਾਰ ਅਭਿਆਸ ਕਰਨਾ ਪੈਂਦਾ ਹੈ। ਇੱਕ ਵਿਦਿਆਰਥੀ ਨੂੰ ਚੰਗੇ ਨਤੀਜੇ ਪ੍ਰਾਪਤ ਕਰਨ ਲਈ ਪੜ੍ਹਾਈ ਕਰਨੀ ਪੈਂਦੀ ਹੈ। ਇੱਕ ਕਲਾਕਾਰ ਨੂੰ ਆਪਣੀ ਕਲਾ ਵਿੱਚ ਨਿਪੁੰਨਤਾ ਪ੍ਰਾਪਤ ਕਰਨ ਲਈ ਸਾਲਾਂ ਦੀ ਮਿਹਨਤ ਕਰਨੀ ਪੈਂਦੀ ਹੈ।ਇਸੇ ਤਰ੍ਹਾਂ ਇੱਕ ਚੰਗੇ ਨਾਗਰਿਕ ਨੂੰ ਵੀ ਆਪਣੇ ਚਰਿੱਤਰ ਅਤੇ ਵਿਹਾਰ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਯਤਨ ਕਰਨੇ ਪੈਂਦੇ ਹਨ।

ਕਰਤਾਰ ਸਿੰਘ ਸਰਾਭਾ ਦਾ ਜੀਵਨ ਦ੍ਰਿੜ੍ਹ ਇਰਾਦੇ ਅਤੇ ਸਮਰਪਣ ਦੀ ਮਿਸਾਲ ਹੈ।

ਨੌਜਵਾਨਾਂ ਨੂੰ ਚਾਹੀਦਾ ਹੈ ਕਿ ਉਹ ਆਪਣੀ ਜ਼ਿੰਦਗੀ ਦੇ ਸਪੱਸ਼ਟ ਟੀਚੇ ਬਣਾਉਣ ਅਤੇ ਉਨ੍ਹਾਂ ਦੀ ਪ੍ਰਾਪਤੀ ਲਈ ਯੋਜਨਾਬੱਧ ਢੰਗ ਨਾਲ ਮਿਹਨਤ ਕਰਨੀ ਚਾਹੀਦੀ ਹੈ।

ਕਰਤਾਰ ਸਿੰਘ ਸਰਾਭਾ ਪੰਜਾਬ ਦੀ ਧਰਤੀ ਦੇ ਪੁੱਤਰ ਸਨ। ਉਨ੍ਹਾਂ ਦੀ ਯਾਦ ਸਾਨੂੰ ਆਪਣੀ ਮਿੱਟੀ, ਭਾਸ਼ਾ ਅਤੇ ਸੱਭਿਆਚਾਰ ਨਾਲ ਜੁੜੇ ਰਹਿਣ ਦੀ ਪ੍ਰੇਰਨਾ ਦਿੰਦੀ ਹੈ।

ਪੰਜਾਬੀ ਭਾਸ਼ਾ ਸਿਰਫ਼ ਗੱਲਬਾਤ ਦਾ ਸਾਧਨ ਨਹੀਂ, ਸਗੋਂ ਸਾਡੀ ਸੱਭਿਆਚਾਰਕ ਪਛਾਣ ਦਾ ਮਹੱਤਵਪੂਰਨ ਹਿੱਸਾ ਹੈ।

ਇਸ ਭਾਸ਼ਾ ਵਿੱਚ ਗੁਰੂ ਸਾਹਿਬਾਨ ਦੀ ਬਾਣੀ, ਸੂਫ਼ੀ ਕਵੀਆਂ ਦਾ ਸਾਹਿਤ, ਲੋਕ-ਗੀਤ, ਕਿੱਸੇ, ਵਾਰਾਂ, ਕਵਿਤਾਵਾਂ ਅਤੇ ਲੋਕ-ਜੀਵਨ ਦੀਆਂ ਅਨੇਕਾਂ ਯਾਦਾਂ ਸੰਭਾਲੀਆਂ ਹੋਈਆਂ ਹਨ।

ਅੱਜ ਸਾਡੇ ਬਹੁਤ ਸਾਰੇ ਬੱਚੇ ਪੰਜਾਬੀ ਪੜ੍ਹਨ ਅਤੇ ਲਿਖਣ ਵਿੱਚ ਦਿਲਚਸਪੀ ਨਹੀਂ ਲੈਂਦੇ। ਕੁਝ ਪਰਿਵਾਰਾਂ ਵਿੱਚ ਬੱਚਿਆਂ ਨਾਲ ਪੰਜਾਬੀ ਵਿੱਚ ਗੱਲਬਾਤ ਕਰਨ ਦੀ ਰੁਚੀ ਵੀ ਘਟ ਰਹੀ ਹੈ।

ਸਾਨੂੰ ਹੋਰ ਭਾਸ਼ਾਵਾਂ ਸਿੱਖਣ ਤੋਂ ਕਦੇ ਵੀ ਇਨਕਾਰ ਨਹੀਂ ਕਰਨਾ ਚਾਹੀਦਾ। ਅੰਗਰੇਜ਼ੀ, ਹਿੰਦੀ ਅਤੇ ਹੋਰ ਭਾਸ਼ਾਵਾਂ ਦਾ ਗਿਆਨ ਵੀ ਮਹੱਤਵਪੂਰਨ ਹੈ। ਪਰ ਆਪਣੀ ਮਾਂ-ਬੋਲੀ ਨੂੰ ਭੁੱਲ ਜਾਣਾ ਸਾਡੀ ਸੱਭਿਆਚਾਰਕ ਵਿਰਾਸਤ ਤੋਂ ਦੂਰ ਹੋਣ ਦੇ ਬਰਾਬਰ ਹੈ। ਸਕੂਲਾਂ ਵਿੱਚ ਪੰਜਾਬੀ ਸਾਹਿਤ ਪੜ੍ਹਨ ਲਈ ਵਿਸ਼ੇਸ਼ ਪ੍ਰੋਗਰਾਮ ਹੋਣੇ ਚਾਹੀਦੇ ਹਨ। ਬੱਚਿਆਂ ਨੂੰ ਸ਼ਹੀਦਾਂ ਦੀਆਂ ਜੀਵਨੀਆਂ, ਪੰਜਾਬ ਦੇ ਇਤਿਹਾਸ ਅਤੇ ਲੋਕ-ਸਾਹਿਤ ਨਾਲ ਜੋੜਨਾ ਚਾਹੀਦਾ ਹੈ।

ਦੇਸ਼ ਦੀ ਤਰੱਕੀ ਸਿਰਫ਼ ਵੱਡੇ ਉਦਯੋਗਾਂ, ਇਮਾਰਤਾਂ ਅਤੇ ਆਰਥਿਕ ਅੰਕੜਿਆਂ ਨਾਲ ਨਹੀਂ ਮਾਪੀ ਜਾਂਦੀ। ਦੇਸ਼ ਦੀ ਅਸਲ ਤਰੱਕੀ ਇਸ ਗੱਲ ਵਿੱਚ ਹੈ ਕਿ ਉਸ ਦੇ ਆਮ ਨਾਗਰਿਕ ਕਿੰਨਾ ਚੰਗਾ ਜੀਵਨ ਜੀਅ ਰਹੇ ਹਨ।

ਕਿਸਾਨ ਸਾਡੇ ਦੇਸ਼ ਦਾ ਅੰਨਦਾਤਾ ਹੈ। ਮਜ਼ਦੂਰ ਆਪਣੀ ਮਿਹਨਤ ਨਾਲ ਇਮਾਰਤਾਂ, ਸੜਕਾਂ ਅਤੇ ਉਦਯੋਗਾਂ ਦੀ ਉਸਾਰੀ ਕਰਦਾ ਹੈ। ਛੋਟੇ ਦੁਕਾਨਦਾਰ, ਕਾਰੀਗਰ, ਸਫ਼ਾਈ ਕਰਮਚਾਰੀ ਅਤੇ ਹੋਰ ਕਈ ਵਰਗ ਦੇਸ਼ ਦੀ ਆਰਥਿਕਤਾ ਨੂੰ ਚਲਾਉਣ ਵਿੱਚ ਯੋਗਦਾਨ ਪਾਉਂਦੇ ਹਨ।

ਨੌਜਵਾਨਾਂ ਨੂੰ ਹਰ ਮਿਹਨਤਕਸ਼ ਮਨੁੱਖ ਦਾ ਸਤਿਕਾਰ ਕਰਨਾ ਚਾਹੀਦਾ ਹੈ।

ਕਿਸੇ ਵਿਅਕਤੀ ਦਾ ਕੰਮ ਛੋਟਾ ਜਾਂ ਵੱਡਾ ਨਹੀਂ ਹੁੰਦਾ।ਇਮਾਨਦਾਰੀ ਨਾਲ ਕੀਤੀ ਹਰ ਮਿਹਨਤ ਸਤਿਕਾਰਯੋਗ ਹੈ।

ਸਮਾਜ ਵਿੱਚ ਅਜਿਹੀ ਸੋਚ ਪੈਦਾ ਹੋਣੀ ਚਾਹੀਦੀ ਹੈ ਕਿ ਹਰ ਵਿਅਕਤੀ ਨੂੰ ਉਸ ਦੀ ਮਿਹਨਤ ਦਾ ਉਚਿਤ ਮੁੱਲ ਮਿਲੇ ਅਤੇ ਉਸ ਨਾਲ ਮਨੁੱਖੀ ਸਨਮਾਨ ਵਾਲਾ ਵਿਹਾਰ ਕੀਤਾ ਜਾਵੇ।

ਅੱਜ ਨੌਜਵਾਨਾਂ ਸਾਹਮਣੇ ਸਭ ਤੋਂ ਵੱਡੀਆਂ ਸਮੱਸਿਆਵਾਂ ਵਿੱਚੋਂ ਇੱਕ ਬੇਰੁਜ਼ਗਾਰੀ ਹੈ।ਬਹੁਤ ਸਾਰੇ ਨੌਜਵਾਨ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਵੀ ਆਪਣੀ ਯੋਗਤਾ ਅਨੁਸਾਰ ਰੁਜ਼ਗਾਰ ਪ੍ਰਾਪਤ ਨਹੀਂ ਕਰ ਸਕਦੇ। ਇਸ ਕਾਰਨ ਉਨ੍ਹਾਂ ਵਿੱਚ ਨਿਰਾਸ਼ਾ ਪੈਦਾ ਹੋ ਸਕਦੀ ਹੈ। ਇਸ ਸਮੱਸਿਆ ਦਾ ਹੱਲ ਸਿਰਫ਼ ਸਰਕਾਰੀ ਨੌਕਰੀਆਂ ਦੀ ਉਡੀਕ ਕਰਨ ਵਿੱਚ ਨਹੀਂ ਹੈ। ਸਾਨੂੰ ਸਿੱਖਿਆ ਦੇ ਨਾਲ-ਨਾਲ ਹੁਨਰ ਵਿਕਾਸ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ।

ਕੰਪਿਊਟਰ, ਤਕਨੀਕੀ ਸਿੱਖਿਆ, ਖੇਤੀਬਾੜੀ ਦੀਆਂ ਨਵੀਆਂ ਤਕਨੀਕਾਂ, ਉਦਯੋਗ, ਕਾਰੋਬਾਰ, ਖੋਜ ਅਤੇ ਸਵੈ-ਰੁਜ਼ਗਾਰ ਦੇ ਖੇਤਰਾਂ ਵਿੱਚ ਨੌਜਵਾਨਾਂ ਨੂੰ ਮੌਕੇ ਪ੍ਰਾਪਤ ਕਰਨੇ ਚਾਹੀਦੇ ਹਨ।

ਇਸ ਦੇ ਨਾਲ ਸਰਕਾਰ ਅਤੇ ਵਿਦਿਅਕ ਸੰਸਥਾਵਾਂ ਦੀ ਵੀ ਜ਼ਿੰਮੇਵਾਰੀ ਹੈ ਕਿ ਉਹ ਨੌਜਵਾਨਾਂ ਨੂੰ ਮਿਆਰੀ ਸਰਾਭਾ ਦੇ ਜੀਵਨ ਤੋਂ ਅਸੀਂ ਸਿੱਖ ਸਕਦੇ ਹਾਂ ਕਿ ਨੌਜਵਾਨਾਂ ਨੂੰ ਆਪਣੀ ਸੋਚ ਨੂੰ ਸੀਮਤ ਨਹੀਂ ਰੱਖਣਾ ਚਾਹੀਦਾ। ਉਨ੍ਹਾਂ ਨੂੰ ਨਵੇਂ ਵਿਚਾਰਾਂ, ਨਵੀਆਂ ਸੰਭਾਵਨਾਵਾਂ ਅਤੇ ਨਵੀਆਂ ਚੁਣੌਤੀਆਂ ਨੂੰ ਸਮਝਣ ਲਈ ਤਿਆਰ ਰਹਿਣਾ ਚਾਹੀਦਾ ਹੈ।

ਸ਼ਹੀਦਾਂ ਨੂੰ ਯਾਦ ਕਰਨਾ ਹੀ ਕਾਫ਼ੀ ਨਹੀਂ ਹਰ ਸਾਲ ਅਸੀਂ ਸ਼ਹੀਦਾਂ ਦੇ ਜਨਮ ਦਿਹਾੜੇ ਅਤੇ ਸ਼ਹੀਦੀ ਦਿਹਾੜੇ ਮਨਾਉਂਦੇ ਹਾਂ। ਸਕੂਲਾਂ, ਕਾਲਜਾਂ, ਪਿੰਡਾਂ ਅਤੇ ਸ਼ਹਿਰਾਂ ਵਿੱਚ ਸਮਾਗਮ ਕਰਵਾਏ ਜਾਂਦੇ ਹਨ। ਉਨ੍ਹਾਂ ਦੀਆਂ ਤਸਵੀਰਾਂ ਉੱਤੇ ਫੁੱਲ ਚੜ੍ਹਾਏ ਜਾਂਦੇ ਹਨ ਅਤੇ ਉਨ੍ਹਾਂ ਦੇ ਜੀਵਨ ਬਾਰੇ ਭਾਸ਼ਣ ਦਿੱਤੇ ਜਾਂਦੇ ਹਨ।

ਇਹ ਸਭ ਕਰਨਾ ਚੰਗੀ ਗੱਲ ਹੈ। ਪਰ ਸਾਨੂੰ ਆਪਣੇ ਆਪ ਤੋਂ ਇੱਕ ਸਵਾਲ ਜ਼ਰੂਰ ਪੁੱਛਣਾ ਚਾਹੀਦਾ ਹੈ:

ਕੀ ਅਸੀਂ ਸਿਰਫ਼ ਸਾਲ ਵਿੱਚ ਇੱਕ ਦਿਨ ਸ਼ਹੀਦਾਂ ਨੂੰ ਯਾਦ ਕਰਦੇ ਹਾਂ ਜਾਂ ਉਨ੍ਹਾਂ ਦੇ ਵਿਚਾਰਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਵੀ ਅਪਣਾਉਂਦੇ ਹਾਂ?

ਜੇਕਰ ਅਸੀਂ ਸ਼ਹੀਦਾਂ ਦੇ ਦਿਹਾੜੇ ਮਨਾਉਂਦੇ ਹਾਂ ਪਰ ਆਪਣੇ ਕੰਮ ਵਿੱਚ ਬੇਈਮਾਨੀ ਕਰਦੇ ਹਾਂ, ਜੇਕਰ ਅਸੀਂ ਦੇਸ਼-ਪ੍ਰੇਮ ਦੀਆਂ ਗੱਲਾਂ ਕਰਦੇ ਹਾਂ ਪਰ ਸਮਾਜ ਵਿੱਚ ਨਫ਼ਰਤ ਫੈਲਾਉਂਦੇ ਹਾਂ, ਜੇਕਰ ਅਸੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਸਲਾਹ ਦਿੰਦੇ ਹਾਂ ਪਰ ਉਨ੍ਹਾਂ ਲਈ ਸਿਹਤਮੰਦ ਸਮਾਜਿਕ ਮਾਹੌਲ ਨਹੀਂ ਬਣਾਉਂਦੇ, ਤਾਂ ਸਾਨੂੰ ਆਪਣੀ ਸੋਚ ਉੱਤੇ ਵਿਚਾਰ ਕਰਨ ਦੀ ਲੋੜ ਹੈ।

ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਉਨ੍ਹਾਂ ਦੇ ਆਦਰਸ਼ਾਂ ਨੂੰ ਜੀਵਨ ਵਿੱਚ ਅਪਣਾਉਣਾ ਹੈ।

ਅੱਜ ਦੇ ਨੌਜਵਾਨਾਂ ਨੂੰ ਆਪਣੇ ਜੀਵਨ ਵਿੱਚ ਕੁਝ ਅਜਿਹੇ ਸੰਕਲਪ ਲੈਣੇ ਚਾਹੀਦੇ ਹਨ, ਜਿਹੜੇ ਉਨ੍ਹਾਂ ਦੇ ਵਿਅਕਤੀਗਤ ਵਿਕਾਸ ਦੇ ਨਾਲ-ਨਾਲ ਸਮਾਜ ਦੀ ਤਰੱਕੀ ਵਿੱਚ ਵੀ ਸਹਾਇਕ ਹੋਣ।

ਉਹ ਸੰਕਲਪ ਇਹ ਹੋ ਸਕਦੇ ਹਨ:

ਮੈਂ ਆਪਣੇ ਦੇਸ਼ ਦੇ ਇਤਿਹਾਸ ਅਤੇ ਵਿਰਸੇ ਬਾਰੇ ਜਾਣਕਾਰੀ ਪ੍ਰਾਪਤ ਕਰਾਂਗਾ।
ਮੈਂ ਆਪਣੇ ਮਾਪਿਆਂ ਅਤੇ ਅਧਿਆਪਕਾਂ ਦਾ ਸਤਿਕਾਰ ਕਰਾਂਗਾ।
ਮੈਂ ਆਪਣੀ ਪੜ੍ਹਾਈ ਅਤੇ ਕੰਮ ਪ੍ਰਤੀ ਇਮਾਨਦਾਰ ਰਹਾਂਗਾ।
ਮੈਂ ਆਪਣੀ ਮਾਂ-ਬੋਲੀ ਅਤੇ ਸੱਭਿਆਚਾਰ ਦਾ ਸਤਿਕਾਰ ਕਰਾਂਗਾ।
ਮੈਂ ਆਪਣੇ ਆਲੇ-ਦੁਆਲੇ ਸਫ਼ਾਈ ਅਤੇ ਵਾਤਾਵਰਨ ਦੀ ਸੰਭਾਲ ਕਰਾਂਗਾ।
ਮੈਂ ਸੋਸ਼ਲ ਮੀਡੀਆ ਦੀ ਵਰਤੋਂ ਗਿਆਨ ਅਤੇ ਚੰਗੇ ਕੰਮਾਂ ਲਈ ਕਰਾਂਗਾ।
ਮੈਂ ਲੋੜਵੰਦਾਂ ਦੀ ਮਦਦ ਕਰਾਂਗਾ।
ਮੈਂ ਆਪਣੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਵਾਂਗਾ।

ਸਰਾਭਾ ਸਿਰਫ਼ ਇਤਿਹਾਸ ਦਾ ਨਾਂ ਨਹੀਂ,ਇੱਕ ਜੀਵਨ-ਦਰਸ਼ਨ ਹਨ

ਕਰਤਾਰ ਸਿੰਘ ਸਰਾਭਾ ਦਾ ਜੀਵਨ ਸਾਡੇ ਲਈ ਇੱਕ ਅਜਿਹਾ ਅਧਿਆਇ ਹੈ, ਜਿਸ ਨੂੰ ਵਾਰ-ਵਾਰ ਪੜ੍ਹਨ ਅਤੇ ਸਮਝਣ ਦੀ ਲੋੜ ਹੈ। ਉਨ੍ਹਾਂ ਦੀ ਜ਼ਿੰਦਗੀ ਸਾਨੂੰ ਇਹ ਸਿੱਖਿਆ ਦਿੰਦੀ ਹੈ ਕਿ ਮਨੁੱਖ ਦਾ ਜੀਵਨ ਸਿਰਫ਼ ਆਪਣੇ ਲਈ ਨਹੀਂ ਹੋਣਾ ਚਾਹੀਦਾ। ਸਾਨੂੰ ਆਪਣੇ ਪਰਿਵਾਰ, ਸਮਾਜ, ਦੇਸ਼ ਅਤੇ ਮਨੁੱਖਤਾ ਪ੍ਰਤੀ ਵੀ ਆਪਣੀ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ।

ਉਨ੍ਹਾਂ ਨੇ ਆਪਣੀ ਛੋਟੀ ਉਮਰ ਵਿੱਚ ਦੇਸ਼ ਦੀ ਆਜ਼ਾਦੀ ਲਈ ਜੋ ਯੋਗਦਾਨ ਪਾਇਆ, ਉਹ ਇਤਿਹਾਸ ਵਿੱਚ ਸਦਾ ਯਾਦ ਰਹੇਗਾ।

ਅੱਜ ਸਾਨੂੰ ਅਜਿਹੀ ਜਵਾਨੀ ਦੀ ਲੋੜ ਹੈ, ਜੋ ਪੜ੍ਹੀ-ਲਿਖੀ ਹੋਵੇ, ਵਿਗਿਆਨਕ ਸੋਚ ਰੱਖਦੀ ਹੋਵੇ, ਮਿਹਨਤੀ ਹੋਵੇ, ਇਮਾਨਦਾਰ ਹੋਵੇ, ਨਸ਼ਿਆਂ ਤੋਂ ਦੂਰ ਹੋਵੇ ਅਤੇ ਮਨੁੱਖਤਾ ਦੇ ਭਲੇ ਲਈ ਕੰਮ ਕਰਨ ਵਾਲੀ ਹੋਵੇ।

ਸਾਨੂੰ ਅਜਿਹੇ ਨੌਜਵਾਨਾਂ ਦੀ ਲੋੜ ਹੈ, ਜਿਹੜੇ ਆਪਣੇ ਪਿੰਡ ਨੂੰ ਸਾਫ਼-ਸੁਥਰਾ ਬਣਾਉਣ, ਆਪਣੇ ਸਕੂਲ ਨੂੰ ਬਿਹਤਰ ਬਣਾਉਣ, ਆਪਣੇ ਸ਼ਹਿਰ ਨੂੰ ਅੱਗੇ ਲਿਜਾਣ ਅਤੇ ਆਪਣੇ ਦੇਸ਼ ਨੂੰ ਤਰੱਕੀ ਦੇ ਰਾਹ ‘ਤੇ ਪਾਉਣ ਲਈ ਆਪਣਾ ਯੋਗਦਾਨ ਪਾਉਣ।

ਅੱਜ ਜੇਕਰ ਕੋਈ ਨੌਜਵਾਨ ਇਮਾਨਦਾਰੀ ਨਾਲ ਆਪਣਾ ਕੰਮ ਕਰਦਾ ਹੈ, ਕਿਸੇ ਗਰੀਬ ਬੱਚੇ ਨੂੰ ਪੜ੍ਹਾਉਂਦਾ ਹੈ, ਕਿਸੇ ਲੋੜਵੰਦ ਦੀ ਸਹਾਇਤਾ ਕਰਦਾ ਹੈ, ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਂਦਾ ਹੈ ਜਾਂ ਸਮਾਜ ਵਿੱਚ ਭਾਈਚਾਰੇ ਦੀ ਭਾਵਨਾ ਪੈਦਾ ਕਰਦਾ ਹੈ ਤਾਂ ਉਹ ਵੀ ਸ਼ਹੀਦਾਂ ਦੇ ਸੁਪਨਿਆਂ ਵਾਲੇ ਸਮਾਜ ਦੀ ਉਸਾਰੀ ਵਿੱਚ ਆਪਣਾ ਹਿੱਸਾ ਪਾ ਰਿਹਾ ਹੈ।

ਸਾਨੂੰ ਇਹ ਗੱਲ ਕਦੇ ਨਹੀਂ ਭੁੱਲਣੀ ਚਾਹੀਦੀ ਕਿ ਆਜ਼ਾਦੀ ਸਾਨੂੰ ਵਿਰਾਸਤ ਵਿੱਚ ਮਿਲੀ ਹੈ, ਪਰ ਇਸ ਦੀ ਰੱਖਿਆ ਅਤੇ ਇਸ ਨੂੰ ਅਰਥਪੂਰਨ ਬਣਾਉਣਾ ਸਾਡੀ ਜ਼ਿੰਮੇਵਾਰੀ ਹੈ।

ਕਰਤਾਰ ਸਿੰਘ ਸਰਾਭਾ ਦੀ ਸ਼ਹਾਦਤ ਸਾਨੂੰ ਅਤੀਤ ਦੀ ਯਾਦ ਦਿਵਾਉਂਦੀ ਹੈ, ਪਰ ਉਨ੍ਹਾਂ ਦਾ ਜੀਵਨ ਸਾਨੂੰ ਭਵਿੱਖ ਦੀ ਜ਼ਿੰਮੇਵਾਰੀ ਸਮਝਾਉਂਦਾ ਹੈ।

ਨੌਜਵਾਨ ਪੀੜ੍ਹੀ ਦੇ ਨਾਂ ਇੱਕ ਸੰਦੇਸ਼

ਜਵਾਨੀ ਸਿਰਫ਼ ਸੁਪਨੇ ਦੇਖਣ ਦਾ ਨਾਂ ਨਹੀਂ, ਉਨ੍ਹਾਂ ਸੁਪਨਿਆਂ ਨੂੰ ਸਾਕਾਰ ਕਰਨ ਲਈ ਮਿਹਨਤ ਕਰਨ ਦਾ ਨਾਂ ਹੈ।

ਦੇਸ਼-ਪ੍ਰੇਮ ਸਿਰਫ਼ ਨਾਅਰੇ ਲਗਾਉਣ ਦਾ ਨਾਂ ਨਹੀਂ, ਆਪਣੇ ਦੇਸ਼ ਦੇ ਲੋਕਾਂ ਲਈ ਕੁਝ ਚੰਗਾ ਕਰਨ ਦਾ ਨਾਂ ਹੈ।

ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਸਿਰਫ਼ ਉਨ੍ਹਾਂ ਦੀਆਂ ਤਸਵੀਰਾਂ ‘ਤੇ ਫੁੱਲ ਚੜ੍ਹਾਉਣਾ ਨਹੀਂ, ਸਗੋਂ ਉਨ੍ਹਾਂ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਹੈ।

ਆਓ, ਅਸੀਂ ਅਜਿਹੀ ਪੀੜ੍ਹੀ ਬਣੀਏ ਜਿਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਆਪਣੇ ਚੰਗੇ ਕੰਮਾਂ ਕਰਕੇ ਯਾਦ ਕਰਨ।

ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਕੋਟਿ-ਕੋਟਿ ਪ੍ਰਣਾਮ